ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 23 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੮ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅਸਤੀਫ਼ੇ ਮਗਰੋਂ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਸੁਖਬੀਰ ਬਾਦਲ ਦੀ ਚਿੱਠੀ

**ਅੰਮ੍ਰਿਤਸਰ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਤੋਂ ਅਸਤੀਫ਼ਾ ਦੇ ਚੁੱਕੇ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਇਕ ਹੋਰ ਪੱਤਰ ਲਿਖ ਕੇ ਉਨ੍ਹਾਂ ਨੂੰ ਤਨਖਾਹੀਆ ਕਰਾਰ ਦਿੱਤੇ ਜਾਣ ਦੇ ਮਾਮਲੇ ਵਿਚ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋਣ ਦੀ ਬੇਨਤੀ ਕੀਤੀ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਸੁਖਬੀਰ ਸਿੰਘ ਬਾਦਲ ਵਲੋਂ ਇਹ ਪੱਤਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫ਼ਾ ਦੇਣ ਉਪਰੰਤ ਲਿਖਿਆ ਗਿਆ ਹੈ, ਜਿਸ ਵਿਚ ਉਨ੍ਹਾਂ ਨੇ ਅਸਤੀਫ਼ੇ ਦਾ ਵੀ ਜ਼ਿਕਰ ਕੀਤਾ ਹੈ। ਹਾਲਾਂਕਿ ਸੁਖਬੀਰ ਬਾਦਲ ਵਲੋਂ ਭੇਜੀ ਗਈ ਇਸ ਚਿੱਠੀ ਦੀ ਅਧਿਕਾਰਕ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ ਪਰ ਇਹ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਇਸ ਵਿਚ ਉਨ੍ਹਾਂ ਨੇ ਲਿਖਿਆ ਹੈ ਕਿ ਦਾਸ ਨੂੰ ਅਕਾਲ ਤਖ਼ਤ ਸਾਹਿਬ ਵਲੋਂ ਤਨਖਾਹੀਆ ਕਰਾਰ ਦਿੱਤਾ ਹੋਇਆ ਹੈ, ਜਿਸ ਦਾ ਮੇਰੇ ਮਨ 'ਤੇ ਗਹਿਰਾ ਅਸਰ ਹੈ। ਉਨ੍ਹਾਂ ਕਿਹਾ ਕਿ ਹੁਣ ਦਾਸ ਨੇ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ ਅਤੇ ਨਿਮਰਤਾ ਤੇ ਸਤਿਕਾਰ ਸਹਿਤ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋਣਾ ਚਾਹੁੰਦਾ ਹਾਂ।



## ਕੈਨੇਡਾ 'ਚ ਭੁੱਖੇ ਮਰ ਰਹੇ ਨੇ ਲੋਕ !

# 25 ਫੀਸਦੀ ਲੋਕ ਨੇ ਘਟਾਇਆ ਖਾਣਾ, ਖ਼ੁਦਕੁਸ਼ੀਆਂ ਦੀ ਵਧੀ ਗਿਣਤੀ

**ਓਟਾਵਾ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਇਨ੍ਹੀਂ ਦਿਨੀਂ ਕੈਨੇਡਾ ਭਾਰੀ ਮਹਿੰਗਾਈ ਨਾਲ ਜੂਝ ਰਿਹਾ ਹੈ। ਸਥਿਤੀ ਇਹ ਹੈ ਕਿ ਲੋਕ ਆਪਣੇ ਕਰਿਆਨੇ ਦੇ ਖ਼ਰਚਿਆਂ ਵਿੱਚ ਕਟੌਤੀ ਕਰ ਰਹੇ ਹਨ ਤਾਂ ਜੋ ਉਹ ਆਪਣੇ ਬੱਚਿਆਂ ਨੂੰ ਸਹੀ ਭੋਜਨ ਮੁਹੱਈਆ ਕਰਵਾ ਸਕਣ। ਇੱਕ ਰਿਪੋਰਟ 'ਚ ਇਹ ਖ਼ੁਲਾਸਾ ਹੋਇਆ ਹੈ। ਕੈਨੇਡਾ ਵਿੱਚ ਇਸ ਸਮੇਂ ਮਹਿੰਗਾਈ ਅਤੇ ਬੇਰੁਜ਼ਗਾਰੀ ਆਪਣੇ ਸਿਖਰ 'ਤੇ ਹੈ। ਇਸ ਕਾਰਨ ਲੋਕ ਆਪਣੇ ਰੋਜ਼ਾਨਾ ਦੇ ਖਰਚਿਆਂ ਵਿੱਚ ਕਟੌਤੀ ਕਰਨ ਲਈ ਮਜਬੂਰ ਹਨ। ਇਹ ਲੋਕ ਆਪਣੇ ਖ਼ਰਚਿਆਂ ਨੂੰ ਕਾਬੂ ਵਿੱਚ ਰੱਖਣ ਲਈ ਭੋਜਨ ਵਰਗੀਆਂ ਜ਼ਰੂਰੀ ਚੀਜ਼ਾਂ 'ਤੇ ਕਟੌਤੀ ਕਰ ਰਹੇ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ 25 ਫੀਸਦੀ ਮਾਪਿਆਂ ਨੇ ਆਪਣੇ ਭੋਜਨ ਦੀ ਮਾਤਰਾ 24 ਫੀਸਦੀ ਤੱਕ ਘਟਾ ਦਿੱਤੀ ਹੈ ਤਾਂ ਜੋ ਉਨ੍ਹਾਂ ਦੇ ਬੱਚਿਆਂ ਨੂੰ ਲੋੜੀਂਦਾ ਭੋਜਨ ਮਿਲ ਸਕੇ। ਕੈਨੇਡਾ ਵਿੱਚ ਹਰ ਚਾਰ ਵਿੱਚੋਂ ਇੱਕ ਮਾਪੇ ਆਪਣੇ ਬੱਚਿਆਂ ਲਈ ਭੋਜਨ ਦੇ ਖਰਚੇ ਨੂੰ ਘਟਾ ਰਹੇ ਹਨ। ਸਾਲਵੇਸ਼ਨ ਆਰਮੀ ਨੇ ਇਹ ਰਿਪੋਰਟ 21 ਨਵੰਬਰ ਨੂੰ ਜਾਰੀ ਕੀਤੀ ਹੈ, ਜਿਸ 'ਚ ਕਿਹਾ ਗਿਆ ਹੈ ਕਿ ਸਰਵੇ 'ਚ ਸ਼ਾਮਲ 90 ਫੀਸਦੀ ਲੋਕਾਂ ਨੇ ਆਪਣੇ ਖਾਣ-ਪੀਣ ਦੇ ਖ਼ਰਚੇ ਘੱਟ ਕਰਨ ਦੀ ਗੱਲ ਕਹੀ ਹੈ। ਫੂਡ ਬੈਂਕ ਖਾਲੀ ਹੋ ਰਹੇ ਹਨ। ਇਹ ਸਥਿਤੀ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਕਿਵੇਂ ਕੈਨੇਡਾ ਵਿੱਚ ਲੋਕ ਆਪਣੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਦੇ ਯੋਗ ਨਹੀਂ ਹਨ। ਤੁਹਾਨੂੰ ਦੱਸ ਦੇਈਏ ਕਿ ਇਹ ਰਿਪੋਰਟ ਅਜਿਹੇ ਸਮੇਂ 'ਚ ਆਈ ਹੈ ਜਦੋਂ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੁਝ ਜ਼ਰੂਰੀ ਚੀਜ਼ਾਂ 'ਤੇ ਜੀਐੱਸਟੀ 'ਚ ਕਟੌਤੀ ਦਾ ਐਲਾਨ ਕੀਤਾ ਹੈ। ਹਾਲ ਹੀ ਦੇ ਆਰਥਿਕ ਸੰਕਟ ਦੇ ਮੱਦੇਨਜ਼ਰ, ਟਰੂਡੋ ਸਰਕਾਰ ਨੇ 14 ਦਸੰਬਰ ਤੋਂ ਦੋ ਮਹੀਨਿਆਂ ਲਈ ਕਰਿਆਨੇ ਅਤੇ ਬੱਚਿਆਂ ਦੇ ਕੱਪੜਿਆਂ 'ਤੇ ਜੀਐਸਟੀ ਅਤੇ ਐਚਐਸਟੀ ਨੂੰ ਰੋਕਣ ਦਾ ਐਲਾਨ ਕੀਤਾ ਹੈ। ਹਾਲਾਂਕਿ ਆਲੋਚਕਾਂ ਦਾ ਮੰਨਣਾ ਹੈ ਕਿ ਇਹ ਕਦਮ ਅਗਲੀਆਂ ਚੋਣਾਂ ਨੂੰ ਧਿਆਨ 'ਚ ਰੱਖ ਕੇ ਚੁੱਕਿਆ ਗਿਆ ਹੈ। ਸਾਲਵੇਸ਼ਨ ਆਰਮੀ ਦੇ ਬੁਲਾਰੇ ਜੌਹਨ ਮਰੇ ਨੇ ਕਿਹਾ ਕਿ ਅਸਲੀਅਤ ਇਹ ਹੈ ਕਿ ਕੈਨੇਡਾ ਵਿੱਚ ਬਹੁਤ ਸਾਰੇ ਲੋਕਾਂ ਨੂੰ ਦਿਨ ਵਿੱਚ ਦੋ ਵਕਤ ਦਾ ਭੋਜਨ ਕਰਨ ਵਿੱਚ ਮੁਸ਼ਕਲ ਆ ਰਹੀ ਹੈ। ਇਹ ਦੇਸ਼ ਵਿੱਚ ਇੱਕ ਵੱਡੇ ਅਨਾਜ ਸੰਕਟ ਨੂੰ ਪ੍ਰਗਟ ਕਰਦਾ ਹੈ।



## ਹਾਈ ਕੋਰਟ ਨੇ ਸਿੱਖ ਲੜਕੀ ਨੂੰ ਸਿੱਖੀ ਕਕਾਰ ਪਹਿਨਣ ਨਾਲ ਇਮਤਿਹਾਨ ਦੇਣ ਦੀ ਇਜਾਜ਼ਤ ਨਾ ਦੇਣ ਲਈ ਮੁਆਫੀ ਮੰਗਣ ਤੇ ਜੁਰਮਾਨਾ ਲਗਾਉਣ ਲਈ ਕਿਹਾ

ਨਵੀਂ ਦਿੱਲੀ 22 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਹਾਈਕੋਰਟ ਨੇ ਦਿੱਲੀ ਅਧੀਨ ਸੇਵਾਵਾਂ ਚੋਣ ਬੋਰਡ ਨੂੰ ਹੁਕਮ ਦਿੱਤਾ ਕਿ ਉਹ ਸਿੱਖ ਲੜਕੀ ਨੂੰ ਸਿੱਖੀ ਕਕਾਰ ਪਹਿਨਣ ਨਾਲ ਇਮਤਿਹਾਨ ਦੇਣ ਦੀ ਇਜਾਜ਼ਤ ਨਾ ਦੇਣ ਲਈ ਬਿਨਾਂ ਸ਼ਰਤ ਮੁਆਫ਼ੀ ਮੰਗੇ ਅਤੇ ਉਨ੍ਹਾਂ ਤੇ ਪ੍ਰਤੀਕਾਤਮਕ ਜੁਰਮਾਨਾ ਲਗਾਇਆ ਜਾਵੇ। ਇਸ ਕੇਸ ਦੀ ਪੈਰਵੀ ਲੀਗਲ ਸੈੱਲ-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਗਦੀਪ ਸਿੰਘ ਕਾਹਲੋਂ ਦੀ ਦੇਖ-ਰੇਖ ਹੇਠ ਕੀਤੀ ਜਾ ਰਹੀ ਸੀ। ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਸਿੱਖ ਕੌਮ ਦੀ ਵੱਡੀ ਜਿੱਤ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀ ਲੜਾਈ ਜਾਰੀ ਰੱਖੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਹਰ ਸਿੱਖ ਵਿਦਿਆਰਥੀ ਨੂੰ ਸਿੱਖੀ ਕਕਾਰਾਂ ਨਾਲ ਇਮਤਿਹਾਨ ਦੇਣ ਦੀ ਇਜਾਜ਼ਤ ਦਿੱਤੀ ਜਾਵੇ। ਦਿੱਲੀ ਅਧੀਨ ਸੇਵਾਵਾਂ ਚੋਣ ਬੋਰਡ ਇੱਕ ਚੋਣ ਬੋਰਡ ਹੈ ਜਿਸਦੀ ਜ਼ਿੰਮੇਵਾਰੀ ਦਿੱਲੀ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਅਧੀਨ ਸੇਵਾਵਾਂ ਲਈ ਯੋਗ ਉਮੀਦਵਾਰਾਂ ਦੀ ਭਰਤੀ ਕਰਨਾ ਹੈ ਜੋ ਕਿ ਗਰੁੱਪ ਬੀ ਅਤੇ ਸੀ ਦੇ ਅਧੀਨ ਆਉਂਦੇ ਹਨ।



## ਆਪ ਵਿਧਾਇਕ ਦਾ ਕਰੀਬੀ ਨਸ਼ੇ ਸਮੇਤ ਰਾਜਸਥਾਨ ਪੁਲਿਸ ਨੇ ਕੀਤਾ ਗ੍ਰਿਫ਼ਤਾਰ !ਅਕਾਲੀ ਦਲ ਨੇ ਦਿੱਤੇ ਸਬੂਤ, ਕਿਹਾ-ਬਖ਼ਸ਼ ਦਿਓ ਪੰਜਾਬ

**ਨਵੀਂ ਦਿੱਲੀ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ ਪਿਛਲੀਆਂ ਕਈ ਚੋਣਾਂ ਨਸ਼ੇ ਦੇ ਮੁੱਦੇ ਉੱਤੇ ਲੜੀਆਂ ਗਈਆਂ ਹਨ ਜਿਸ ਵਿੱਚ ਵਿਰੋਧੀ ਧਿਰ ਹਰ ਵਾਰ ਸੱਤਾਧਾਰੀ ਧਿਰ ਉੱਤੇ ਨਸ਼ਾ ਵੇਚਣ ਦੇ ਇਲਜ਼ਾਮ ਲਾਉਂਦੀ ਰਹਿੰਦੀ ਹੈ ਪਰ ਜਦੋਂ ਉਹ ਸੱਤਾ ਵਿੱਚ ਆਉਂਦੀ ਹੈ ਤਾਂ ਇਹੋ ਇਲਜ਼ਾਮ ਉਨ੍ਹਾਂ ਉੱਤੇ ਲਗਦੇ ਹਨ। ਹੁਣ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੋਸ਼ਲ ਮੀਡੀਆ ਉੱਤੇ ਦਾਅਵਾ ਕੀਤਾ ਗਿਆ ਹੈ ਕਿ ਆਪ ਵਿਧਾਇਕ ਗੋਲਡੀ ਮੁਸਾਫਰ ਦਾ ਸਾਥੀ ਨਸ਼ੇ ਨਾਲ ਰਾਜਸਥਾਨ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਹੈ। ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਸੋਸ਼ਲ ਮੀਡੀਆ ਖਾਤੇ ਉੱਤੇ ਲਿਖਿਆ, ਜਿਸ ਮਨਪ੍ਰੀਤ ਸਿੰਘ ਨੂੰ ਬੱਲੂਆਣਾ ਤੋਂ ਆਪ ਵਿਧਾਇਕ ਗੋਲਡੀ ਮੁਸਾਫ਼ਰ ਨੇ ਆਪਣਾ ਭਰਾ ਬਣਾ ਕੇ MLA ਥਾਪਿਆ ਸੀ ਓਹੀ ਮਨਪ੍ਰੀਤ ਸਿੰਘ ਨੂੰ ਰਾਜਸਥਾਨ ਪੁਲਿਸ ਨੇ ਨਸ਼ੇ ਸਮੇਤ ਕਾਬੂ ਕੀਤਾ ਹੈ, ਆਪ ਸਰਕਾਰ ਤੇ ਭਗਵੰਤ ਮਾਨ ਸਟੇਜਾਂ ਤੋਂ ਵੱਡੇ ਵੱਡੇ ਦਾਅਵੇ ਕਰਦੇ ਹਨ ਕਿ ਅਸੀਂ ਨਸ਼ੇ ਖਤਮ ਕਰਤੇ ਪਰ ਦੇਖੋ ਇਹਨਾਂ ਦੇ ਆਗੂ ਪੰਜਾਬ ਵਿੱਚ ਨਸ਼ੇ ਦਾ ਕਾਰੋਬਾਰ ਕਰ ਰਹੇ ਹਨ।

ਅਕਾਲੀ ਦਲ ਨੇ ਤੰਜ ਕਸਦਿਆਂ ਕਿਹਾ ਕਿ ਬੱਚਿਆ ਨੂੰ ਸੌਹਾਂ ਚਕਵਾਉਣ, ਸਰਪੰਚਾਂ ਤੇ ਪੰਚਾਂ ਨੂੰ ਭਾਸ਼ਣ ਸੁਣਾ ਕੇ ਨਸ਼ੇ ਖ਼ਤਮ ਨਹੀਂ ਹੋਣੇ, ਆਪਣੇ ਵਿਧਾਇਕਾਂ, ਮੰਤਰੀਆਂ ਤੇ ਆਗੂਆਂ ਨੂੰ ਕਹੋ ਕਿ ਬਖਸ਼ ਦੇਣ ਪੰਜਾਬ ਨੂੰ, ਨਸ਼ੇ ਨਾ ਵਿਕਾਉਣ ਸ਼੍ਰੋਮਣੀ ਅਕਾਲੀ ਦਲ ਦੇ ਇਸ ਦਾਅਵੇ ਤੋਂ ਬਾਅਦ ਇਹ ਸਵਾਲ ਉੱਠਣ ਲੱਗ ਹਨ ਕਿ ਆਖ਼ਰ ਜੇ ਸੱਤਾਧਾਰੀ ਧਿਰ ਵਿੱਚ ਸ਼ਾਮਲ ਲੋਕ ਹੀ ਨਸ਼ੇ ਦੀ ਵਪਾਰ ਕਰਨ ਲੱਗ ਜਾਣ ਤਾਂ ਫਿਰ ਪੰਜਾਬ ਨੂੰ ਨਸ਼ਿਆਂ ਦੀ ਦਲ ਦਲ ਵਿੱਚੋਂ ਕੌਣ ਕੱਢੇਗਾ। ਹਾਲਾਂਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬੀਆਂ ਤੋਂ ਜੋ ਇੱਕ ਸਾਲ ਮੰਗਿਆਂ ਸੀ ਉਸ ਨੂੰ ਲੰਘੇ ਵੀ ਕਈ ਮਹੀਨੇ ਹੋ ਗਏ ਨੇ ਪਰ ਅਜੇ ਵੀ ਨਸ਼ਾ ਧੜੱਲੇ ਨਾਲ ਵਿਕ ਰਿਹਾ ਹੈ ਤੇ ਜਦੋਂ ਹੁਣ ਆਪ ਦੇ ਵਰਕਰਾਂ ਦੀ ਹੀ ਸ਼ਮੂਲੀਅਤ ਸਾਹਮਣੇ ਆਈ ਤਾਂ ਨਸ਼ਾ ਬੰਦ ਕਰਨ ਦੇ ਦਾਅਵੇ ਖੋਖਲੇ ਜਾਪਦੇ ਹਨ।



## 'ਆਪ' ਨੇ ਪੰਜਾਬ ਦਾ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਥਾਪਿਆ, ਸ਼ੈਰੀ ਕਲਸੀ ਬਣੇ ਉਪ ਪ੍ਰਧਾਨ



**ਚੰਡੀਗੜ੍ਹ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਨੇ ਪੰਜਾਬ ਦਾ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਥਾਪ ਦਿੱਤਾ ਹੈ। ਇਸ ਦੀ ਜਾਣਕਾਰੀ ਖੁਦ ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਤੀ ਹੈ। ਮੁੱਖ ਮੰਤਰੀ ਨੇ ਆਖਿਆ ਹੈ ਕਿ ਅੱਜ ਮੈਂ ਪਾਰਟੀ ਪ੍ਰਧਾਨ ਦੀ ਜ਼ਿੰਮੇਵਾਰੀ ਆਪਣੇ ਦੋ ਕਰੀਬੀ ਸਾਥੀਆਂ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਸੌਂਪ ਦਿੱਤੀ ਹੈ। ਪਾਰਟੀ ਨੇ ਫ਼ੈਸਲਾ ਕੀਤਾ ਹੈ ਕਿ ਅਮਨ ਅਰੋੜਾ ਪਾਰਟੀ ਪ੍ਰਧਾਨ ਅਤੇ ਸ਼ੈਰੀ ਕਲਸੀ ਉੱਪ ਪ੍ਰਧਾਨ ਦੇ ਤੌਰ 'ਤੇ ਕੰਮ ਕਰਨਗੇ। ਇਥੇ ਇਹ ਦੱਸਣਯੋਗ ਹੈ ਕਿ ਪਿਛਲੇ ਕਈ ਦਿਨਾਂ ਤੋਂ ਇਸ ਦੀ ਚਰਚਾ ਚੱਲ ਰਹੀ ਸੀ ਕਿ ਆਮ ਆਦਮੀ ਪਾਰਟੀ ਦੀ ਹਾਈਕਮਾਂਨ ਕਿਸੇ ਹਿੰਦੂ ਚਿਹਰੇ ਨੂੰ ਪੰਜਾਬ ਇਕਾਈ ਦੀ ਵਾਗਡੋਰ ਸੌਂਪ ਸਕਦੀ ਹੈ। ਹੁਣ ਪਾਰਟੀ ਨੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਪਾਰਟੀ ਪ੍ਰਧਾਨ ਥਾਪ ਦਿੱਤਾ ਹੈ। ਮੁੱਖ ਮੰਤਰੀ ਨੇ ਲਿਖਿਆ ਕਿ "ਅੱਜ ਮੈਂ ਪਾਰਟੀ ਪ੍ਰਧਾਨ ਦੀ ਜ਼ਿੰਮੇਵਾਰੀ ਆਪਣੇ ਦੋ ਕਰੀਬੀ ਸਾਥੀ ਕੈਬਿਨੇਟ ਮੰਤਰੀ ਅਮਨ ਅਰੋੜਾ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਸੌਂਪ ਦਿੱਤੀ ਹੈ। ਪਾਰਟੀ ਨੇ ਫ਼ੈਸਲਾ ਕੀਤਾ ਹੈ ਕਿ ਅਮਨ ਅਰੋੜਾ ਪਾਰਟੀ ਪ੍ਰਧਾਨ ਅਤੇ ਸ਼ੈਰੀ ਕਲਸੀ ਉੱਪ ਪ੍ਰਧਾਨ ਦੇ ਤੌਰ 'ਤੇ ਕੰਮ ਕਰਨਗੇ। ਮੈਨੂੰ ਆਪਣੇ ਦੋਵਾਂ ਸਾਥੀਆਂ 'ਤੇ ਪੂਰਾ ਭਰੋਸਾ ਹੈ ਕਿ ਉਹ ਆਉਣ ਵਾਲੇ ਸਮੇਂ 'ਚ ਪਾਰਟੀ ਅਤੇ ਸੰਗਠਨ ਨੂੰ ਪੰਜਾਬ 'ਚ ਹੋਰ ਮਜ਼ਬੂਤ ਕਰਨਗੇ ਤੇ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਣਗੇ।"

## ਖਾਲੀ ਕਰਾਇਆ ਗਿਆ ਲੰਡਨ ਦਾ ਹਵਾਈ ਅੱਡਾ, ਯਾਤਰੀਆਂ ਦੇ ਆਉਣ 'ਤੇ ਰੋਕ



**ਲੰਡਨ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਯੂ.ਕੇ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਇੱਥੇ ਲੰਡਨ ਦੇ ਗੈਟਵਿਕ ਹਵਾਈ ਅੱਡੇ 'ਤੇ ਟਰਮੀਨਲ ਦੇ ਵੱਡੇ ਹਿੱਸੇ ਨੂੰ ਸੁਰੱਖਿਆ ਕਾਰਨਾਂ ਕਰਕੇ ਸਾਵਧਾਨੀ ਵਜੋਂ ਖਾਲੀ ਕਰਵਾ ਲਿਆ ਗਿਆ ਹੈ। ਗੈਟਵਿਕ ਬ੍ਰਿਟੇਨ ਦਾ ਦੂਜਾ ਸਭ ਤੋਂ ਵਿਅਸਤ ਹਵਾਈ ਅੱਡਾ ਹੈ। ਜਾਣਕਾਰੀ ਦਿੰਦੇ ਹੋਏ ਹਵਾਈ ਅੱਡੇ ਨੇ ਦੱਸਿਆ ਕਿ ਘਟਨਾ ਦੀ ਜਾਂਚ ਦੌਰਾਨ ਇਸ ਦੇ ਦੱਖਣੀ ਟਰਮੀਨਲ ਦੇ ਇਕ ਹਿੱਸੇ ਨੂੰ ਖਾਲੀ ਕਰਵਾ ਲਿਆ ਗਿਆ। ਨਾਲ ਹੀ ਯਾਤਰੀਆਂ ਨੂੰ ਇਮਾਰਤ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਰਿਹਾ ਹੈ। ਹਵਾਈ ਅੱਡੇ ਨੇ ਇੱਕ ਬਿਆਨ ਵਿੱਚ ਕਿਹਾ, "ਸਾਵਧਾਨੀ ਦੇ ਤੌਰ 'ਤੇ ਦੱਖਣੀ ਟਰਮੀਨਲ ਦੇ ਇੱਕ ਵੱਡੇ ਹਿੱਸੇ ਨੂੰ ਖਾਲੀ ਕਰਾ ਲਿਆ ਗਿਆ ਹੈ ਜਦੋਂ ਕਿ ਅਸੀਂ ਸੁਰੱਖਿਆ ਘਟਨਾ ਦੀ ਜਾਂਚ ਜਾਰੀ ਰੱਖੇ ਹੋਏ ਹਾਂ। ਇਸ ਸਮੇਂ ਦੌਰਾਨ ਯਾਤਰੀ ਦੱਖਣੀ ਟਰਮੀਨਲ ਵਿੱਚ ਦਾਖਲ ਨਹੀਂ ਹੋ ਸਕਣਗੇ।" ਬਿਆਨ ਮੁਤਾਬਕ,"ਸਾਡੇ ਕਰਮਚਾਰੀ ਦੀ ਸੁਰੱਖਿਆ ਸਾਡੀ ਪ੍ਰਮੁੱਖ ਤਰਜੀਹ ਹੈ। ਅਸੀਂ ਇਸ ਮੁੱਦੇ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਸਖ਼ਤ ਮਿਹਨਤ ਕਰ ਰਹੇ ਹਾਂ।" ਗੈਟਵਿਕ ਲੰਡਨ ਤੋਂ 30 ਮੀਲ (48.2803 ਕਿਲੋਮੀਟਰ) ਦੱਖਣ ਵਿੱਚ ਸਥਿਤ ਹੈ। ਫਿਲਹਾਲ ਸਥਾਨਕ ਪੁਲਸ ਨੇ ਘਟਨਾ ਸਬੰਧੀ ਕੋਈ ਟਿੱਪਣੀ ਨਹੀਂ ਕੀਤੀ ਹੈ। ਸਥਾਨਕ ਮੀਡੀਆ ਮੁਤਾਬਕ ਨੈਸ਼ਨਲ ਰੇਲ ਨੇ ਇਸ ਘਟਨਾ ਦੌਰਾਨ ਲੋਕਾਂ ਨੂੰ ਮੈਟਰੋ ਸਟੇਸ਼ਨ 'ਤੇ ਜਾਣ ਤੋਂ ਬਚਣ ਲਈ ਕਿਹਾ ਹੈ। ਦੱਸਿਆ ਗਿਆ ਹੈ ਕਿ ਇਹ ਵਿਘਨ ਦੁਪਹਿਰ 2 ਵਜੇ (ਸਥਾਨਕ ਸਮੇਂ) ਤੱਕ ਜਾਰੀ ਰਹਿਣ ਦੀ ਸੰਭਾਵਨਾ ਹੈ। ਹਵਾਈ ਅੱਡੇ ਦੇ ਲੋਕਾਂ ਨੇ ਸੋਸ਼ਲ ਮੀਡੀਆ 'ਤੇ ਹਫੜਾ-ਦਫੜੀ ਬਾਰੇ ਪੋਸਟ ਕਰਦਿਆਂ ਕਿਹਾ ਕਿ ਚੈੱਕ-ਇਨ ਅਤੇ ਸੁਰੱਖਿਆ ਲਾਈਨਾਂ ਬੰਦ ਹਨ ਅਤੇ ਲੋਕਾਂ ਨੂੰ ਉੱਥੋਂ ਜਾਣ ਲਈ ਕਿਹਾ ਗਿਆ ਹੈ। ਹਵਾਈ ਅੱਡੇ ਨੇ ਯਾਤਰੀਆਂ ਨੂੰ ਭਰੋਸਾ ਦਿੱਤਾ ਹੈ ਕਿ ਉੱਤਰੀ ਟਰਮੀਨਲ ਅਜੇ ਵੀ ਖੁੱਲ੍ਹਾ ਹੈ। ਇਸ ਨੇ ਉਨ੍ਹਾਂ ਯਾਤਰੀਆਂ ਨੂੰ ਅਪੀਲ ਕੀਤੀ ਜਿਨ੍ਹਾਂ ਦੀਆਂ ਉਡਾਣਾਂ ਦੱਖਣੀ ਟਰਮੀਨਲ ਤੋਂ ਰਵਾਨਾ ਹੁੰਦੀਆਂ ਹਨ, ਉਨ੍ਹਾਂ ਦੀਆਂ ਏਅਰਲਾਈਨਾਂ ਨਾਲ ਸਥਿਤੀ ਦੀ ਜਾਂਚ ਕਰਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ



ਤਖ਼ਤ ਸ੍ਰੀ ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ



ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN

Enjoy Real Taste of PUNJAB

KD
FULLY A.C. HALL
**Khehra VAISHNO DHABA**
BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI

ੴ

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ

# ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ

## ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ

ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ

5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ

6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ

**ਵਿਸ਼ੇਸ਼ ਬੇਨਤੀ** ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ।

ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ।

ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ। ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ।

ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।

ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ

**ਅੰਮ੍ਰਿਤ ਸੰਚਾਰ ਸੰਬੰਧੀ**

1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ।

ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ

ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003



*ਸਾਬਤ ਸੂਰਤਿ ਦਸਤਾਰ ਸਿਰਾ*

## ਦਸਤਾਰਾਂ ਹੀ ਦਸਤਾਰਾਂ

# ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✦ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



# ASA Gas Heating Solution Ltd.

Boilers
Certificates
Gas Work
Cylinders
Maintenance Services
Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715128621

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥

## ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਵਸ ਸਬੰਧੀ

# ਆਜ਼ਾਦ ਫਰੰਟ ਪੰਜਾਬ

## ਵੱਲੋਂ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੁਲਵਰਹੈਂਪਟਨ ਵਿਖੇ

# ਸ਼ਹੀਦੀ ਸਮਾਗਮ

## 22 ਤੋਂ 24 ਨਵੰਬਰ 2024



**ਗੁਰੂ ਪਿਆਰੀ ਸਾਧ ਸੰਗਤ ਜੀਓ,**

**ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ ।।**

ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਵਸ ਸੰਪੂਰਨ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਕਹਿਣੀ ਅਤੇ ਕਰਨੀ ਦੇ ਪੂਰੇ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਦਿਵਸ **ਆਜ਼ਾਦ ਫਰੰਟ ਪੰਜਾਬ** ਦੇ ਸਾਰੇ ਹੀ ਸੇਵਾਦਾਰਾਂ ਵੱਲੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੁਲਵਰਹੈਂਪਟਨ ਵਿਖੇ 22 ਨਵੰਬਰ ਤੋਂ 24 ਨਵੰਬਰ, 2024 ਤੱਕ ਸ਼ਹੀਦੀ ਸਮਾਗਮ ਕਰਵਾਇਆ ਜਾ ਰਿਹਾ ਹੈ। ਅਸੀਂ ਆਪ ਸਭ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਇਸ ਸਮਾਗਮ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ-ਧੰਨ ਬਾਬਾ ਦੀਪ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਟ ਕਰੀਏ।

ਆਵਾਜ਼ਿ ਕੌਮ AWAZE QAUM
International Newspaper & WEB TV

## ★ ਪ੍ਰੋਗਰਾਮ ★

ਆਰੰਭ ਸ੍ਰੀ ਅਖੰਡਪਾਠ ਸਾਹਿਬ 22 ਨਵੰਬਰ 2024
ਦਿਨ ਸ਼ੁੱਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਆਖੰਡਪਾਠ ਸਾਹਿਬ 24 ਨਵੰਬਰ 2024
ਦਿਨ ਐਤਵਾਰ ਸਵੇਰੇ 10 ਵਜੇ

**ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ**



ਜਿਸ ਵਿੱਚ ਗੁਰਬਾਣੀ ਕੀਰਤਨ, ਕਥਾ ਤੋਂ ਬਾਅਦ ਗਿਆਨੀ ਗੱਜਣ ਸਿੰਘ ਗੜਗੱਜ ਦਾ ਢਾਡੀ ਜੱਥਾ ਬਾਬਾ ਜੀ ਦੇ ਜੀਵਨ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ।

**ਤਿੰਨੋ ਦਿਨ ਹੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ**

**ਗੁਰਦੁਆਰਾ ਸਾਹਿਬ ਦਾ ਪਤਾ**
Guru Nanak Sikh Gurdwara
SEDGLEY Street
Wolverhampton WV2 3AJ
Mob. : 0738 731 7178

ਖਾਲਸਾ ਪੰਥ ਦੇ ਸੇਵਾਦਾਰ

# ਆਜਾਦ ਫਰੰਟ ਪੰਜਾਬ




## ★ ਪੰਥ ਦੇ ਸੇਵਾਦਾਰ ★

ਭਾਈ ਜਸਪਾਲ ਸਿੰਘ ਨਿੱਝਰ
ਭਾਈ ਪ੍ਰਭਜੀਤ ਸਿੰਘ ਔਲਖ
ਭਾਈ ਹਰਜੀਤ ਸਿੰਘ ਢਿੱਲੋਂ
ਭਾਈ ਗੁਰਬਿੰਦਰ ਸਿੰਘ ਗਿੱਲ
ਭਾਈ ਜੋਗਾ ਸਿੰਘ ਬਸੀ


ਅਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
ਬ੍ਰਹਮ ਗਿਆਨੀ ਬਾਬਾ ਖੁਸ਼ਾ ਸਿੰਘ ਜੀ (ਬਾਪੂ ਖੁਸ਼ਾ ਜੀ)
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਗੁਰਵਿੰਦਰ ਸਿੰਘ ਲਹੌਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜਿਲ੍ਹਾ ਪ੍ਰੈਸ ਸਕੱਤਰ, ਮੋ: 75278-45340


ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




**ਅਕਾਲ ਯੂਨੀਵਰਸਿਟੀ ਵਿਚ**

# ‘ਸ਼ੁੱਧ ਅਤੇ ਅਪਲਾਈਡ ਗਣਿਤ ਦਾ ਵਿਕਾਸ’ ਵਿਸ਼ੇ ’ਤੇ ਤਿੰਨ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਦੀ ਸ਼ੁਰੂਆਤ

**ਤਲਵੰਡੀ ਸਾਬੋ, 22 ਨਵੰਬਰ ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਵਿਚ ‘ਸ਼ੁੱਧ ਅਤੇ ਅਪਲਾਈਡ ਗਣਿਤ ਦਾ ਵਿਕਾਸ’ ਵਿਸ਼ੇ ਉੱਤੇ ਤੇ ਤਿੰਨ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਹੋਇਆ। ਇਹ ਕਾਨਫਰੰਸ ਅਕਾਲ ਯੂਨੀਵਰਸਿਟੀ ਦੇ ਗਣਿਤ ਵਿਭਾਗ ਵੱਲੋਂ ਇਟਰਨਲ ਯੂਨੀਵਰਸਿਟੀ ਬੜੂ ਸਾਹਿਬ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਕਾਨਫਰੰਸ ਦਾ ਉਦੇਸ਼ ਵਿਗਿਆਨੀਆਂ, ਖੋਜੀਆਂ ਅਤੇ ਸਿੱਖਿਆ ਖੇਤਰ ਦੀਆਂ ਵੱਡੀਆਂ ਹਸਤੀਆਂ ਨੂੰ ਗਣਿਤ ਦੀਆਂ ਵੱਖ-ਵੱਖ ਸ਼ਾਖਾਵਾਂ ਨਾਲ ਸਬੰਧਤ ਸਭ ਤੋਂ ਨਵੀਆਂ ਕਾਢਾਂ, ਰੁਝਾਨਾਂ ਅਤੇ ਐਪਲੀਕੇਸ਼ਨਾਂ ਨੂੰ ਪੇਸ਼ ਕਰਨ ਅਤੇ ਚਰਚਾ ਕਰਨ ਲਈ ਇੱਕ ਸਾਂਝਾ ਪਲੇਟਫਾਰਮ ਪ੍ਰਦਾਨ ਕਰਨਾ ਹੈ। ਇਸ ਕਾਨਫਰੰਸ ਵਿੱਚ ਲਗਭਗ 400 ਡੈਲੀਗੇਟ ਆਪਣੇ ਪੇਪਰ ਪੇਸ਼ ਕਰਨਗੇ ਅਤੇ ਦੁਨੀਆ ਦੇ 20 ਦੇਸ਼ਾਂ ਦੀ ਨੁਮਾਇੰਦਗੀ ਕਰਨ ਵਾਲੇ ਉੱਘੇ ਪ੍ਰੋਫੈਸਰਾਂ ਦੁਆਰਾ 35 ਮਾਹਰ ਭਾਸ਼ਣ ਦਿੱਤੇ ਜਾਣੇ ਹਨ। ਪਹਿਲੇ ਦਿਨ ਦੇ ਸ਼ੁਰੂਆਤੀ ਸੈਸ਼ਨ ਵਿਚ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਨੇ ਉਦਘਾਟਨੀ ਭਾਸ਼ਣ ਦਿੱਤਾ। ਕਾਨਫਰੰਸ ਨੂੰ ਨੈਸ਼ਨਲ ਬੋਰਡ ਆਫ਼ ਹਾਇਰ ਸਟੱਡੀਜ਼ ਦੁਆਰਾ ਫੰਡ ਕੀਤਾ ਜਾ ਗਿਆ ਹੈ ਅਤੇ ਬਾਈਨਰੀ ਸਿਮੈਨਟਿਕਸ, ਮੈਪਲ ਸਾਫਟ ਅਤੇ ਇਨਫੋਸਟੂਡੀ ਦੁਆਰਾ ਸਪਾਂਸਰ ਕੀਤਾ ਜਾ ਰਿਹਾ ਹੈ।ਪਹਿਲੇ ਦਿਨ ਉਦਘਾਟਨੀ ਸੈਸ਼ਨ ਵਿਚ ਪ੍ਰੋ.ਮਧੂਰਾਕਾ, ਐਮਰੀਟਸ ਸਾਇੰਟਿਸਟ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਮੁੱਖ ਭਾਸ਼ਣ ਪੇਸ਼ ਕੀਤਾ। ਪ੍ਰੋਫੈਸਰ ਐੱਮ.ਏ.ਸੋਫੀ, ਸਾਬਕਾ ਵਾਈਸ ਚਾਂਸਲਰ, ਕਸ਼ਮੀਰ ਯੂਨੀਵਰਸਿਟੀ, ਸ਼੍ਰੀਨਗਰ ਤੋਂ ਵਿਸ਼ੇਸ਼ ਮਹਿਮਾਨ ਰਹੇ। ਸਭ ਤੋਂ ਪਹਿਲਾਂ ਅਕਾਲ ਯੂਨੀਵਰਸਿਟੀ ਦੇ ਗਣਿਤ ਵਿਭਾਗ ਦੇ ਤੋਂ ਡਾ. ਸੁਖਪ੍ਰੀਤ ਕੌਰ ਨੇ ਆਏ ਹੋਏ ਸਾਰੇ ਮਹਿਮਾਨਾਂ ਅਤੇ ਡੈਲੀਗੇਟਾਂ ਦਾ ਸਵਾਗਤ ਕੀਤਾ। ਕਾਨਫਰੰਸ ਦੇ ਕਨਵੀਨਰ ਗਣਿਤ ਵਿਭਾਗ ਦੇ ਮੁਖੀ ਡਾ. ਸੰਦੀਪ ਸਿੰਘ ਨੇ ਕਾਨਫਰੰਸ ਦੀ ਸੰਖੇਪ ਜਾਣ-ਪਛਾਣ ਕਰਵਾਈ। ਪਹਿਲੇ ਦਿਨ ਦੀ ਸਮਾਪਤੀ ਵੇਲੇ ਅੰਤਲੇ ਸੈਸ਼ਨ ਦੌਰਾਨ ਧੰਨਵਾਦ ਦੀ ਰਸਮ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਜੀ.ਐਸ. ਲਾਂਬਾ ਨੇ ਅਦਾ ਕੀਤੀ। ਇਸ ਮੌਕੇ ਆਈਕਿਊਏਸੀ ਸੈੱਲ ਦੇ ਡਾਇਰੈਕਟਰ ਪ੍ਰੋ. ਸੁਖਜੀਤ ਸਿੰਘ, ਰਜਿਸਟਰਾਰ ਡਾ. ਸਵਰਨ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਮੁਖੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV









ੴ

"ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪਿ ਅੰਧੇਰੁ ਪਲੋਆ"

## ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਪੁਰਬ ਦੇ ਸਬੰਧ ਵਿਚ

# ਮਹਾਨ ਗੁਰਮਤਿ ਸਮਾਗਮ

**ਮਿਤੀ 23 ਨਵੰਬਰ 2024 (ਸ਼ਨੀਵਾਰ) ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 2:00 ਵਜੇ ਤਕ**

**ਗੁਰਦੁਆਰਾ ਸਿੰਘ ਸਭਾ, ਬਾਸਪੁਰ, ਆਰ. ਐਸ. ਪੁਰਾ, ਜੰਮੂ ਵਿਖੇ ਕਰਵਾਇਆ ਜਾ ਰਿਹਾ ਹੈ।**

## ਵਿਸ਼ੇਸ਼ ਤੋਰ ਤੇ ਪਹੁੰਚ ਰਹੀਆਂ ਸ਼ਖਸੀਅਤਾਂ



ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਚੈਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਜਥੇਦਾਰ ਭੁਪਿੰਦਰ ਸਿੰਘ ਅਸੰਧ, ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਜਥੇਦਾਰ ਸਿਕੰਦਰ ਸਿੰਘ ਵਰਾਣਾ, ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਗੁਰਦੁਆਰਾ ਨਾਢਾ ਸਾਹਿਬ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਸ੍ਰ ਸਰਬਜੀਤ ਸਿੰਘ, ਜੰਮੂ ਸਕੱਤਰ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਪ੍ਰਚਾਰਕ ਗਿਆਨੀ ਮਨਪ੍ਰੀਤ ਸਿੰਘ ਜਨਸੂਆ

ਪ੍ਰਚਾਰਕ ਭਾਈ ਇੰਦਰਪਾਲ ਸਿੰਘ ਜੀ

ਕਥਾਵਾਚਕ ਭਾਈ ਸ਼ੁਭਦੀਪ ਸਿੰਘ (ਬਿਲੋਣਾ) ਗੁਰਦੁਆਰਾ ਸਾਹਿਬ ਪਾ:੧੦ ਨਾਢਾ ਸਾਹਿਬ

ਢਾਡੀ ਜੱਥਾ ਗਿਆਨੀ ਲਖਵਿੰਦਰ ਸਿੰਘ ਪਾਰਸ

ਰਾਗੀ ਜੱਥਾ ਭਾਈ ਦਲਜੀਤ ਸਿੰਘ ਜੀ ਗੁ: ਬਾਲਾ ਪ੍ਰੀਤਮ, ਤ੍ਰਿਕੁਟਾ ਨਗਰ, ਜੰਮੂ

ਪ੍ਰਚਾਰਕ ਭਾਈ ਬਲਵੰਤ ਸਿੰਘ ਜੀ ਖਾਲਸਾ ਬਾਸਪੁਰ ਵਾਲੇ

ਆਵਾਜ਼ਿ ਕੌਮ AWAZE QAUM International Newspaper & WEB TV

ਸਮੂਹ ਮਾਈ-ਭਾਈ ਸੰਗਤ ਪ੍ਰਤੀ ਬੇਨਤੀ ਹੈ ਕਿ ਦਿਤੇ ਸਮੇਂ ਅਨੁਸਾਰ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ।**

## LIVE ON

ਇੱਕ ਬਾਣੀ IK BANI | ਹੌਂਦ HOND DIGITAL MEDIA | ਨੀਰੋਲ ਗੁਰਬਾਣੀ NIROL GURBANI Follow us on: M. 9697017025 | ਆਪਸੀ ਸਾਂਝ ਟੀਵੀ AAPSI SAANJH | ਖਾਲਸਾ ਟੀ ਵੀ (ਜੰਮੂ) KHALSA TV (JAMMU)

**ਵਲੋਂ:-** ਪ੍ਰਬੰਧਕ ਕਮੇਟੀ ਅਤੇ ਸਾਧ ਸੰਗਤ ਗੁਰਦੁਆਰਾ ਸਿੰਘ ਸਭਾ, ਬਾਸਪੁਰ, ਆਰ. ਐਸ. ਪੁਰਾ, ਜੰਮੂ

ATTAR PRINTERS # 9419190263




**ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਸਲਾਨਾ ਸਮਾਗਮ ਵਿੱਚ ਆਪ ਜੀ ਵੱਲੋਂ ਕੀਤੇ ਗਏ ਮੰਚ ਦੇ ਲਈ ਕਾਰਜਾਂ ਕਰਕੇ ਆਪ ਜੀ ਨੂੰ ਮੰਚ ਵੱਲੋਂ ਸਨਮਾਨਿਤ ਕੀਤਾ ਜਾ ਰਿਹਾ ਹੈ। ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਆਪ ਜੀ 23 ਨਵੰਬਰ ਨੂੰ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਣਾ ਜੀ।**

### ਡੈਂਗੂ ਦੇ ਖ਼ਾਤਮੇ ਲਈ ਲੋਕਾਂ ਦੇ ਸਹਿਯੋਗ ਦੀ ਲੋੜ - ਐਸ ਆਈ ਅਸ਼ੋਕ ਕੁਮਾਰ

# ਡੈਂਗੂ ਤੇ ਵਾਰ ਹਰ ਸ਼ੁਕਰਵਾਰ - ਐਸ ਆਈ ਅਸ਼ੋਕ ਕੁਮਾਰ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਜੀ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਡਾਕਟਰ ਮੁਹੰਮਦ ਆਖਤਰ ਜੀ ਦੀ ਯੋਗ ਅਗਵਾਈ ਅਤੇ ਅਸ਼ੌਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਂਦੇ ਪਿੰਡ ਕਾਂਝਲਾ,ਆਈ ਆਰ ਬੀ ਲੱਡਾਂ,ਐਸ ਬੀ ਆਈ ਬੈਕ ਲੱਡਾਂ,ਸੜਕ ਸੁਰੱਖਿਆ ਫੋਰਸ ਲੱਡਾਂ,ਸਦਰ ਥਾਣਾ ਬੇਨੜਾ ਆਦਿ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ ਜਿਸ ਦੌਰਾਨ ਮੁਲਾਜ਼ਮਾਂ ਅਤੇ ਆਮ ਪਬਲਿਕ ਨੂੰ ਡੈਂਗੂ,ਮਲੇਰੀਆ,ਚਿਕਨਗੁਨੀਆ ਅਤੇ ਮੋਸਮੀ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਗਈ ।ਇਸ ਮੌਕੇ ਬੁਖਾਰ ਵਾਲੇ ਕੇਸਾ ਦੇ ਖ਼ੂਨ ਦੇ ਸੈਪਲ ਇਕੱਤਰ ਕਰਕੇ ਸੀ ਐਚ ਸੀ ਪੱਧਰ ਤੇ ਲੈਬਾਟਰੀ ਵਿੱਚ ਭੇਜੇ ਗਏ ਅਤੇ ਲੋਕਾਂ ਬਿਮਾਰੀਆਂ ਨਾਲ ਸਬੰਧਿਤ ਇਸਤਿਹਾਰ ਵੰਡੇ ਗਏ ਤੇ ਡੈਂਗੂ ਐਪ ਡਾਊਨਲੋਡ ਕਰਨ ਲਈ ਪ੍ਰੇਰਤ ਕੀਤਾ ਗਿਆ ਤੇ ਦੱਸਿਆ ਗਿਆ ਕੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਫਰਿੱਜਾਂ ਪਿੱਛੇ ਲੱਗੀ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਤਾਂ ਜੋ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ।ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਅਤੇ ਰਾਤ ਨੂੰ ਸਾਉਣ ਸਮੇਂ ਮੱਛਰਦਾਨੀਆ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਘਰ ਦੇ ਆਲੇ ਦੁਆਲੇ ਕਿਤੇ ਵੀ ਬਰਸਾਤ ਦਾ ਪਾਣੀ ਇਕੱਠਾ ਨਾ ਹੋਣ ਦਿਓ ਜੇ ਕਰ



ਕਿਸੇ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਠ੍ਕ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਅਤੇ ਮਰੀਜ਼ ਨੂੰ ਖਾਣਾ ਹੱਲਕਾ ਦਿਓ ਅਤੇ ਤਰਲ ਪਦਾਰਥ ਵੱਧ ਮਾਤਰਾ ਵਿੱਚ ਦੇਵੋ ਤੇ ਮਰੀਜ਼ ਨੂੰ ਮੁਕੰਮਲ ਆਰਾਮ ਕਰਨਾ ਚਾਹੀਦਾ ਹੈ ਜੇਕਰ ਮਰੀਜ਼ ਕਿਸੇ ਕਿਸਮ ਦੀ ਸਮੱਸਿਆ ਹੋਣ ਤੇ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦ ਟੇਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਅਤੇ ਸਿਹਤ ਵਿਭਾਗ ਵੱਲੋਂ ਹਰ ਸ਼ੁੱਕਰਵਾਰ ਡੈਂਗੂ ਤੇ ਵਾਰ ਮਹਿਮ ਪਰੋਗਰਾਮ ਚਲਾਇਆ ਜਾ ਰਿਹਾ ਹੈ ਇਸ ਪਰੋਗਰਾਮ ਵਿੱਚ ਪਬਲਿਕ ਨੂੰ ਸਿਹਤ ਵਿਭਾਗ ਦੇ ਮੁਲਾਜ਼ਮਾਂ ਦਾ ਵੱਧ ਤੋਂ ਵੱਧ ਸਹਿਯੋਗ ਦੇਣਾ ਚਾਹੀਦਾ ਹੈ। ਟੀਮ ਮੈਂਬਰ ਅਮਰੀਕ ਸਿੰਘ,ਹਰਜੀਤ ਸਿੰਘ, ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

# ਪਰਵਾਸੀ ਵਾਲੇ ਮਸਲੇ ਤੇ ਬਹੁਤ ਸੌਖਾ ਹੈ ਪ੍ਰਸ਼ਾਸਨ ਨੂੰ ਜਿੰਮੇਵਾਰ ਠਹਿਰਾਉਣਾ

## ਪਰ ਕੌੜਾ ਸੱਚ ਇਹ ਕਿ ਮਕਾਨ ਮਾਲਕ ਕਿਰਾਏਦਾਰਾਂ ਦੀ ਨਹੀਂ ਕਰਵਾਉਂਦੇ ਪੁਲਿਸ ਵੈਰੀਫਿਕੇਸ਼ਨ

ਪਿਛਲੇ ਦਿਨੀ ਕੁੰਬੜਾ ਪਿੰਡ ਵਿਖੇ ਪੰਜਾਬੀ ਨੌਜਵਾਨਾਂ ਦੇ ਕਤਲ ਤੋਂ ਬਾਅਦ ਪਰਵਾਸੀਆਂ ਨੂੰ ਲੈ ਕੇ ਮਸਲਾ ਪੂਰੇ ਪੰਜਾਬ ਵਿੱਚ ਭਖਿਆ ਹੋਇਆ ਹੈ । ਬਹੁਤ ਸਾਰੇ ਸਮਾਜ ਸੇਵੀਆ ਵੱਲੋਂ ਲਗਾਤਾਰ ਇਸ ਮਸਲੇ ਤੇ ਆਪਣੇ ਵਿਚਾਰ ਪ੍ਰਗਟ ਕੀਤੇ ਜਾ ਰਹੇ ਹਨ । ਪਰ ਜਦੋਂ ਪਰਵਾਸੀਆਂ ਨੂੰ ਲੈ ਕੇ ਗੰਭੀਰਤਾ ਨਾਲ ਇਸ ਮਸਲੇ ਤੇ ਵਿਚਾਰ ਕਰੀਏ ਜਾਂ ਤੱਥਾਂ ਦੇ ਅਧਾਰਿਤ ਮਸਲੇ ਤੇ ਵਿਚਾਰ ਕਰੀਏ ਤਾਂ ਹੈਰਾਨੀਜਨਕ ਗੱਲ ਨਿਕਲ ਕੇ ਸਾਹਮਣੇ ਕਿ ਸ਼ਹਿਰੀ ਇਲਾਕਿਆਂ ਦੇ ਵਿੱਚ ਮਕਾਨ ਮਾਲਕਾਂ ਵੱਲੋਂ ਪ੍ਰਵਾਸੀਆਂ ਦੀ ਪੁਲਿਸ ਵੈਰੀਫਿਕੇਸ਼ਨ ਨਹੀਂ ਕਰਵਾਈ ਜਾਂਦੀ ।ਪ੍ਰਵਾਸੀਆਂ ਦੇ ਪਿਛੋਕੜ ਦੀ ਪੁਲਿਸ ਵੈਰੀਫਿਕੇਸ਼ਨ ਤਾਂ ਕਰਾਉਣਾ ਦੂਰ ਦੀ ਗੱਲ, ਪੰਜਾਬ ਵਿੱਚ ਵੀ ਪੁਰਾਣੀ ਥਾਂ ਦੀ ਵੈਰੀਫਿਕੇਸ਼ਨ ਨਹੀਂ ਕਰਵਾਈ ਜਾਂਦੀ । ਇਮਾਨਦਾਰੀ ਨਾਲ ਅਗਰ ਗਰਾਊਂਡ ਜ਼ੀਰੋ ਦੀ ਗੱਲ ਕਰੀਏ ਤਾਂ ਇਹ ਹੀ ਸੱਚ ਨਿਕਲ ਕੇ ਸਾਹਮਣੇ ਆਉਂਦਾ ਹੈ ।ਪੁਲਿਸ ਵੈਰੀਫਿਕੇਸ਼ਨ ਨਾ ਕਰਵਾ ਕੇ ਕਾਨੂੰਨ ਨੂੰ ਵੀ ਛਿੱਕੇ ਤੇ ਟੰਗਿਆ ਜਾ ਰਿਹਾ ਹੈ ।ਪਰਵਾਸੀਆਂ ਵਾਲੇ ਮਸਲੇ ਤੇ ਪੁਲਿਸ ਵੈਰੀਫਿਕੇਸ਼ਨ ਨਾ ਕਰਵਾ ਕੇ, ਉਸ ਤੋਂ ਬਾਅਦ ਪ੍ਰਸ਼ਾਸਨ ਨੂੰ ਟਾਰਗੇਟ ਕਰਨਾ ਸਿੱਧੇ ਤੌਰ ਤੇ ਆਪਣੀ ਨਾਕਾਮੀ ਨੂੰ ਛੁਪਾਉਣ ਦੇ ਬਰਾਬਰ ਹੈ । ਸਮਾਜ ਸੇਵੀ ਸੰਸਥਾਵਾਂ ਨੂੰ ਇਸ ਗੱਲ ਤੇ ਗੰਭੀਰਤਾ ਨਾਲ ਧਿਆਨ ਦੇਣ ਦੀ ਜਰੂਰਤ ਹੈ ਕਿ ਪ੍ਰਵਾਸੀਆਂ ਦੀ ਵੈਰੀਫਿਕੇਸ਼ਨ ਸਾਰੇ ਮਕਾਨ ਮਾਲਕ ਨੂੰ ਯਕੀਨੀ ਬਣਾਉਣੀ ਚਾਹੀਦੀ ਹੈ । ਜੇਕਰ ਸੱਚਮੁੱਚ ਪੰਜਾਬ ਦੇ ਲੋਕ ਅਮਨ ਸ਼ਾਂਤੀ ਚਾਹੁੰਦੇ ਨੇ ਤਾਂ ਪ੍ਰਵਾਸੀਆਂ ਦੀ ਪੁਲਿਸ ਵੈਰੀਫਿਕੇਸ਼ਨ ਕਰਾਉਣਾ ਬਹੁਤ ਜਰੂਰੀ ਹੈ । ਜਿਹਦੇ ਨਾਲ ਸਿੱਧੇ ਤੌਰ ਤੇ ਸਪਸ਼ਟ ਹੁੰਦਾ ਹੈ ਕੋਈ ਗੁੰਡਾ ਅਨਸਰ ਬਿਰਤੀ ਸਭਿਅਕ ਸਮਾਜ ਦੇ ਵਿੱਚ ਆਪਣਾ ਭੇਸ ਬਦਲ ਕੇ ਤਾਂ ਨਹੀਂ ਰਹਿ ਰਿਹਾ ।



**-ਪਰਗਟ ਸਿੰਘ ਬਲਬੇੜਾ, 9022000070**

# ਵਧਾਈ। ਮੁਬਾਰਕਬਾਦ।

ਗੁਰੂ ਪਿਆਰੀ ਸਾਧ ਸੰਗਤ ਜੀਓ,

**ਵਾਹਿਗੁਰੂ ਜੀ ਕਾ ਖਾਲਸਾ,**
**ਵਾਹਿਗੁਰੂ ਜੀ ਕੀ ਫਤਹਿ।।**

ਅੱਜ ਸਤਿਕਾਰਿਤ ਮਾਤਾ ਗੁਜਰ ਕੌਰ ਜੀ ਦਾ 400ਵਾਂ ਜਨਮ ਦਿਵਸ ਹੈ ਆਪ ਜੀ ਦਾ ਜਨਮ 1624 ਈ. ਵਿੱਚ ਕਰਤਾਰਪੁਰ ਜ਼ਿਲ੍ਹਾ ਜਲਧੰਰ ਵਿੱਖੇ ਪਿਤਾ ਭਾਈ ਲਾਲ ਚੰਦ ਅਤੇ ਮਾਤਾ ਬਿਸ਼ਨ ਜੀ ਦੇ ਗ੍ਰਹਿ ਵਿਖੇ ਹੋਇਆ ਸੀ ਆਪ ਜੀ ਨੇ ਪੰਜ ਗੁਰੂ ਸਾਹਿਬਾਨ ਦਾ ਸਮਾਂ ਆਪਣੀ ਅੱਖਾਂ ਨਾਲ ਦੇਖਿਆ ਸੀ ਅਤੇ ਸਮੇਂ ਦੇ ਕਈ ਝੱਖੜ ਆਪਣੇ ਪਿੰਡੇ ‘ਤੇ ਝੱਲੇ ਸਨ। ਆਪ ਗੁਰੂ ਹਰਿਗੋਬਿੰਦ ਸਾਹਿਬ ਤੇ ਮਾਤਾ ਨਾਨਕੀ ਜੀ ਦੀ ਨੂੰਹ, ਗੁਰੂ ਤੇਗ ਬਹਾਦੁਰ ਜੀ ਦੇ ਮਹੱਲ, ਗੁਰੂ ਗੋਬਿੰਦ ਸਿੰਘ ਜੀ ਦੇ ਪੂਜਨੀਕ ਮਾਤਾ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੇ ਦਾਦੀ ਜੀ ਸਨ ਆਪ ਜੀ ਦਾ ਜੀਵਨ ਸਿੱਖ ਕੌਮ ਲਈ ਆਦਰਸ਼ ਹੈ ਕਿਉਂਕਿ ਆਪ ਇੱਕ ਚੰਗੀ ਬੇਟੀ, ਚੰਗੀ ਨੂੰਹ, ਚੰਗੀ ਜੀਵਨ ਸਾਥਣ, ਚੰਗੀ ਮਾਤਾ ਅਤੇ ਚੰਗੀ ਦਾਦੀ ਜੀ ਸਨ।

**ਆਉ ! ਆਪਣੇ ਬੱਚਿਆ ਨੂੰ ਸੰਭਾਲਣ ਲਈ ਮਾਤਾ ਜੀ ਦੇ ਜੀਵਨ ਤੋਂ ਪ੍ਰੇਰਣਾ ਲਈਏ। ਸਭ ਨੂੰ ਮਾਤਾ ਜੀ ਦੀ ਚੌਥੀ ਜਨਮ ਸ਼ਤਾਬਦੀ ਦੀ ਵਧਾਈ ਹੋਵੇ।**




## --★ ਗੁਰੂ ਪੰਥ ਦਾ ਸੇਵਾਦਾਰ ★--



# ਭਾਈ ਰਘਵੀਰ ਸਿੰਘ ਵਾਲਸਾਲ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ

ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

## ਗੁਰਦੂਆਰਾ ਥੜ੍ਹਾ ਸਾਹਿਬ ਪਾ: 9ਵੀਂ, ਝੀਵਰਹੇੜੀ ਵਿੱਖੇ

### ਧੰਨ-ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨੂੰ ਸਮਰਪਿਤ

# ਮਹਾਨ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ

ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ

## ਪ੍ਰੋਗਰਾਮ

**ਆਰੰਭ ਸ੍ਰੀ ਅਖੰਡ ਪਾਠ ਸਾਹਿਬ** 22 ਨਵੰਬਰ 2024 ਦਿਨ ਸ਼ੁੱਕਰਵਾਰ , 09 ਵਜੇ ਸਵੇਰੇ

**ਭੋਗ ਸ੍ਰੀ ਅਖੰਡ ਪਾਠ ਸਾਹਿਬ** 24 ਨੰਵੰਬਰ 2024 ਦਿਨ ਐਤਵਾਰ ਨੂੰ 09 ਵੱਜੇ ਭੋਗ ਸ੍ਰੀ ਅਖੰਡ ਪਾਠ ਸਾਹਿਬ ਉਪਰੰਤ ਧਾਰਮਿਕ ਦੀਵਾਨ

**ਨਗਰ ਕੀਰਤਨ** 23 ਨਵੰਬਰ 2024 ਨੂੰ ਗੁਰਦੂਆਰਾ ਥੜ੍ਹਾ ਸਾਹਿਬ ਪਾ: 9ਵੀਂ ਝੀਵਰਹੇੜੀ ਤੋਂ ਆਰੰਭ ਹੋ ਕੇ ਜਮਾਲਪੁਰ,ਬਲਸੁਹਾ,ਦੇਹਹਾ,ਨਾਹਾ,ਮਿਲਕਸੇਖਾ, ਸੀਵਨ ਮਾਜਰ,ਗੁ:ਪ੍ਰੇਮ ਸਿੰਘ ਵਾਲਾ ਬਰਾੜਾ, ਬਰਾੜਾ ਸ਼ਹਿਰ, ਅਧੋਆ ਦੁਪਿਹਰ ਦਾ ਲੰਗਰ, ਅਧੋਈ, ਕੰਬਾਸੀ, ਕੰਬੋਮਾਜਰੀ, ਲਖਮੜੀ, ਬੇਰਥਲੀ, ਮੰਗੋਲੀ, ਸਿਬੰਲਵਾਲ, ਫਾਲਸੰਡਾ, ਸੰਘੋਰ, ਨਖਰੋਜਪੁਰ, ਬੜਤੋਲੀ, ਗਨਗੋਰੀ, ਗਜਲਾਨਾ, ਡੇਰਾ ਕਾਰ ਸੇਵਾ ਬਾਬਾ ਕਸ਼ਮੀਰ ਸਿੰਘ ਝੀਵਰਹੇੜੀ ਤੋ ਹੁੰਦਾ ਹੋਇਆ ਸੰਪੂਰੰਤਾ ਗੁਰਦੂਆਰਾ ਥੜ੍ਹਾ ਸਾਹਿਬ ਪਾ:9ਵੀਂ ਝੀਵਰਹੇੜੀ ਵਿਖੇ ਹੋਵੇਗੀ।

**ਕਾਰ ਸੇਵਾ** ਇਸ ਅਸਥਾਨ ਦੀ ਕਾਰ-ਸੇਵਾ ਬਾਬਾ ਦਿਲਬਾਗ ਸਿੰਘ ਜੀ ਲੋਹ ਲੰਗਰ ਸ਼੍ਰੀ ਆਨੰਦਪੁਰ ਸਾਹਿਬ ਵਾਲਿਆਂ ਵਲੌਂ ਕੀਤੀ ਜਾ ਰਹੀ ਹੈ।

**ਕੱਥਾ ਕੀਰਤਨ ਦਰਬਾਰ** 24 ਨਵੰਬਰ 2024 ਦਿਨ ਐਤਵਾਰ ਨੂੰ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸਰ ਅਤੇ ਕਥਾਵਾਚਕ ਪਹੁੰਚ ਰਹੇ ਹਨ।


ਭਾਈ ਸੁਰਿੰਦਰ ਸਿੰਘ ਪਾਰਸ
ਸ਼੍ਰੀ ਮੁਕਤਸਰ ਸਾਹਿਬ ਢਾਡੀ ਜੱਥਾ


ਭਾਈ ਸਤਨਾਮ ਸਿੰਘ ਢਾਡੀ ਜੱਥਾ
ਧਰਮ ਪ੍ਰਚਾਰ HSGMC


ਭਾਈ ਸੁਖਵਿੰਦਰ ਸਿੰਘ ਕਵੀਸ਼ਰੀ ਜੱਥਾ
ਧਰਮ ਪ੍ਰਚਾਰ HSGMC


ਭਾਈ ਗੁਰਸੇਵਕ ਸਿੰਘ ਰੰਗੀਲਾ
ਹਜੂਰੀ ਰਾਗੀ ਜੱਥਾ ਗੁ:ਦਾਦੂ ਸਾਹਿਬ


ਭਾਈ ਮਨਜੀਤ ਸਿੰਘ ਗੜ੍ਹੀ
ਹੈਡ ਗ੍ਰੰਥੀ ਗੁ:ਥੜ੍ਹਾ ਸਾਹਿਬ


**ਜਥੇਦਾਰ ਭੁਪਿੰਦਰ ਸਿੰਘ ਅਸੰਧ**
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


**ਸ. ਸੁਖਵਿੰਦਰ ਸਿੰਘ ਮੰਡੇਬਰ**
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


**ਸ. ਹਰਬੰਸ ਸਿੰਘ ਕੜਕੌਲੀ**
ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


**ਸ. ਅਮਰਜੀਤ ਸਿੰਘ**
ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


**ਜਥੇਦਾਰ ਬਲਜੀਤ ਸਿੰਘ ਦਾਦੂਵਾਲ**
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

**ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ, ਮੈਨੇਜਰ ਗੁਰਦੁਆਰਾ ਥੜ੍ਹਾ ਸਾਹਿਬ ਪਾਤਸ਼ਾਹੀ 9ਵੀਂ ਝੀਵਰਹੇੜੀ ਅਤੇ ਸਮੂੰਹ ਸੰਗਤ।**

# ਇਤਿਹਾਸਿਕ ਸਥਾਨ ਗੁਰਦੁਆਰਾ ਖਿਚੜੀ ਸਾਹਿਬ ਦੇ ਜਿੰਦਰੇ ਖੁਲਵਾਉਣ ਲਈ ਇੰਨ੍ਹਾਂ ਦੋ ਸ਼ਖਸੀਅਤਾਂ ਦਾ ਯੋਗਦਾਨ ਇਤਿਹਾਸ ਦੇ ਪੰਨਿਆਂ 'ਚ ਦਰਜ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਤੇ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਹੋਰਾਂ ਦੇ ਸਹਿਯੋਗ ਨਾਲ ਖੁਲੇ ਸੀ ਗੁਰਦੁਆਰਾ ਸਾਹਿਬ ਦੇ ਕਿਵਾੜ





(ਆਵਾਜਿ ਕੌਮ ਬਿਊਰੋ) ਜ਼ਿਕਰਯੋਗ ਹੈ ਕਿ ਅਪ੍ਰੈਲ 2020 ਦੇ ਵਿੱਚ ਕਰੋਨਾ ਕਾਲ ਦੌਰਾਨ ਵਿਸਾਖੀ ਵਾਲੇ ਦਿਨ ਸਨੌਰ



(ਪਟਿਆਲਾ) ਮੰਡੀ ਵਿੱਚ ਸਬਜ਼ੀ ਲੈਣ ਗਏ ਬਾਬਾ ਬਲਵਿੰਦਰ ਸਿੰਘ ਤੇ ਬਾਕੀ ਸਿੰਘਾਂ ਦਾ ਮਾਮੂਲੀ ਗੱਲ ਨੂੰ ਲੈ ਕੇ ਪ੍ਰਸ਼ਾਸਨ ਨਾਲ ਟਕਰਾਅ ਤੋਂ ਬਾਅਦ ਇੱਕ ਪੁਲਿਸ ਅਧਿਕਾਰੀ ਦਾ ਹੱਥ ਕੱਟਿਆ ਗਿਆ ਸੀ ।ਜਿਸ ਵਿੱਚ ਪੁਲਿਸ ਪ੍ਰਸ਼ਾਸਨ ਵੱਲੋਂ ਸਖਤ ਕਾਰਵਾਈ ਕਰਦੇ ਹੋਏ ਗੁਰਦੁਆਰਾ ਖਿਚੜੀ ਸਾਹਿਬ ਦਾ ਸਾਰਾ ਸਮਾਨ ਗੋਲਕਾਂ ਮੱਝਾ ਘੋੜੇ ਸ਼ਸਤਰ ਕਬਜ਼ੇ ਵਿੱਚ ਲੈ ਕੇ, ਮੌਕੇ ਤੇ ਮੌਜੂਦ ਟੋਟਲ ਸੰਗਤ ਸਮੇਤ ਸਭ ਸਿੰਘਾਂ ਬੀਬੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ । ਜਿਸ ਸਾਰੀ ਪ੍ਰਕਿਰਿਆ ਤੇ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਜੀ ਨੇ ਸਖਤ ਸਟੈਂਡ ਲੈਂਦਿਆਂ ਬਾਬਾ ਬਲਵਿੰਦਰ ਸਿੰਘ ਤੇ ਸਿੰਘਾਂ ਦੇ ਹੱਕ ਵਿੱਚ ਬਿਆਨ ਦੇਣ ਕਾਰਨ ਪ੍ਰਸ਼ਾਸਨ ਵੱਲੋਂ ਮਾਨ ਸਿੰਘ ਅਕਾਲੀ ਤੇ ਪਰਚਾ ਦਰਜ ਕਰਕੇ ਜੇਲ ਭੇਜ ਦਿੱਤਾ ਗਿਆ ਸੀ । ਜਿਸ ਦਾ ਲਾਈਵ ਪ੍ਰਸਾਰਨ ਭੁਪਿੰਦਰ ਸਿੰਘ ਸੱਜਣ ਪੱਤਰਕਾਰ ਵੱਲੋਂ ਮੌਕੇ ਤੇ ਕੀਤਾ ਜਾ ਰਿਹਾ ਸੀ ਉਕਤ ਪੱਤਰਕਾਰ ਤੇ ਵੀ ਕਾਰਵਾਈ ਕਰਦਿਆਂ ਪੁਲਿਸ ਨੇ ਗ੍ਰਿਫਤਾਰ ਕਰਕੇ ਜੇਲ ਭੇਜ ਦਿੱਤਾ ਸੀ ।ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਜੀ ਦੇ ਸਖਤ ਸਟੈਂਡ ਸਦਕਾ ਬੀਬੀਆਂ ਅਤੇ ਗੁਰਦੁਆਰਾ ਸਾਹਿਬ ਵਿਖੇ ਸੇਵਾ ਕਰ ਰਹੇ ਕੁਝ ਸੇਵਾਦਾਰਾਂ ਨੂੰ ਪ੍ਰਸ਼ਾਸਨ ਵੱਲੋਂ ਕੁਝ ਦਿਨਾਂ ਬਾਅਦ ਰਿਹਾ ਕਰ ਦਿੱਤਾ ਗਿਆ ਸੀ । ਪ੍ਰਸ਼ਾਸਨ ਨੇ ਲਗਾਤਾਰ ਦੋ ਤਿੰਨ ਦਿਨ ਦਰਬਾਰ ਸਾਹਿਬ ਨੂੰ ਜਿੰਦਰਾ ਲਾ ਕੇ




ਆਵਾਜ਼ਿ ਕੌਮ AWAZE QAUM International Newspaper & WEB TV

ਰੱਖਿਆ । ਉਸ ਤੋਂ ਬਾਅਦ ਇਤਿਹਾਸਿਕ ਸਥਾਨ ਗੁਰਦੁਆਰਾ ਸ੍ਰੀ ਖਿਚੜੀ ਸਾਹਿਬ ਦਾ ਪ੍ਰਬੰਧ ਪਿੰਡ ਦੇ ਇੱਕ ਨੌਜਵਾਨ ਚਰਨਜੀਤ ਸਿੰਘ ਨੂੰ ਮੌਕੇ ਦੇ ਐਸ ਐਸ ਪੀ ਮਨਦੀਪ ਸਿੰਘ ਨੇ ਸਾਂਭ ਸੰਭਾਲ ਲਈ ਦੇ ਦਿੱਤਾ ਸੀ । ਚਰਨਜੀਤ ਸਿੰਘ ਨੂੰ ਸਖਤ ਹਦਾਇਤ ਦਿੱਤੀ ਗਈ ਸੀ ਕਿ 10 ਤੋਂ ਵੱਧ ਬੰਦੇ ਗੁਰਦੁਆਰਾ ਖਿਚੜੀ ਸਾਹਿਬ ਵਿਖੇ ਇਕੱਠੇ ਨਹੀਂ ਹੋਣਗੇ । ਨਾ ਹੀ ਲੰਗਰ ਪਕਾਇਆ ਜਾਵੇਗਾ ਤੇ ਨਾ ਹੀ ਲੰਗਰ ਵਰਤਾਇਆ ਜਾਵੇਗਾ । ਇੱਥੇ ਤੱਕ ਕੇ ਦਿਨ ਵੇਲੇ ਗੁਰਦੁਆਰਾ ਸਾਹਿਬ ਨੂੰ ਜਿੰਦਰਾ ਲੱਗਿਆ ਰਹਿੰਦਾ ਸੀ । ਕਿਉਂਕਿ ਸਿੱਖ ਨੌਜਵਾਨ ਦਿਨੇ ਆਪਣਾ ਕੰਮ ਕਾਰ ਦੇਖਦਾ ਸੀ । ਸਿਰਫ ਗੁਰਦੁਆਰਾ ਸਾਹਿਬ ਵਿਖੇ ਸਵੇਰੇ ਸ਼ਾਮ ਨਿਤਨੇਮ ਕਰਨ ਲਈ ਆਉਂਦਾ ਸੀ । ਸੰਗਤਾਂ ਦੀਆਂ ਭਾਵਨਾ ਨੂੰ ਦੇਖਦੇ ਹੋਏ ਪਿੰਡ ਦੇ ਸਿੱਖ ਆਗੂ ਸੁਖਬੀਰ ਸਿੰਘ ਬਲਬੇੜਾ ਦੀਆਂ ਕੋਸ਼ਿਸ਼ਾਂ ਸਦਕਾ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪ੍ਰਸ਼ਾਸਨ ਨੂੰ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਸੰਗਤਾ ਨੂੰ ਸੰਭਾਲਣ ਲਈ ਪੱਤਰ ਲਿਖੇ ਗਏ ਸਨ । ਮੌਕੇ ਤੇ ਸੰਗਤਾਂ ਦੇ ਬਿਆਨ ਲੈ ਕੇ ਪਿੰਡ ਦੇ ਹੀ ਸਿੱਖ ਨੌਜਵਾਨ ਪਰਗਟ ਸਿੰਘ ਬਲਬੇੜਾ ਵੱਲੋਂ ਸਾਰਾ ਮਸਲਾ ਸਿੰਘਾਂ ਵਾਲੇ ਪੱਖ ਤੋਂ ਸੰਗਤਾਂ ਦੇ ਸਾਹਮਣੇ ਰੱਖਿਆ ਗਿਆ ਸੀ । ਸਾਰੇ ਮਸਲੇ ਨੂੰ ਆਵਾਜੇ ਕੌਮ ਟੀਵੀ ਵੱਲੋਂ ਵੀ ਪ੍ਰਮੁਖਤਾ ਨਾਲ ਸੰਗਤਾਂ ਦੇ ਸਾਹਮਣੇ ਰੱਖਿਆ ਗਿਆ ਸੀ । ਇਹਨਾਂ ਕੋਸ਼ਿਸ਼ਾਂ ਦੇ ਦੌਰਾਨ ਹੀ ਸੁਖਬੀਰ ਸਿੰਘ ਬਲਬੇੜਾ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕਰਕੇ ਗੁਰਦੁਆਰਾ ਖਿਚੜੀ ਸਾਹਿਬ ਨੂੰ ਸੰਗਤਾਂ ਨੂੰ ਸਾਂਭ ਸੰਭਾਲ ਵਾਸਤੇ ਦੇਣ ਲਈ ਬੇਨਤੀ ਕੀਤੀ ਗਈ ਸੀ । ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਮਸਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪ੍ਰਸ਼ਾਸਨ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਲਗਭਗ ਤਿੰਨ ਮਹੀਨਿਆਂ ਬਾਅਦ ਸੰਗਤ ਨੂੰ ਸੰਭਾਲਣ ਦੇ ਵਿੱਚ ਕਾਮਯਾਬੀ ਪ੍ਰਾਪਤ ਕੀਤੀ ਸੀ । ਅੱਜ ਵੀ ਸਮੂਹ ਸੰਗਤਾਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਤੇ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਜੀ ਦਾ ਦਿਲੋਂ ਧੰਨਵਾਦ ਕਰਦੀਆਂ ਹਨ ਕਿਉਂਕਿ ਇਹਨਾਂ ਦੋਵੇਂ ਵੱਡੀਆਂ ਸ਼ਖਸੀਅਤਾਂ ਦੀ ਆਵਾਜ਼ ਬੁਲੰਦ ਕਰਨ ਤੇ ਹੀ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਸੰਗਤਾਂ ਦੇ ਹੱਥ ਵਿੱਚ ਆਇਆ ਸੀ । ਜ਼ਿਕਰ ਯੋਗ ਹੈ ਕਿ ਅੱਜ ਦੀ ਤਰੀਕ ਦੇ ਵਿੱਚ ਗੁਰਦੁਆਰਾ ਖਿਚੜੀ ਸਾਹਿਬ ਦਾ ਪ੍ਰਬੰਧ ਬਾਬਾ ਬਲਵਿੰਦਰ ਸਿੰਘ ਦੇ ਪਰਿਵਾਰ ਦੇ ਹੱਥ ਵਿੱਚ ਹੈ । ਕਿਉਂਕਿ ਪਰਿਵਾਰ ਵੱਲੋਂ ਕੋਰਟ ਵਿੱਚ ਅਰਜੀ ਲਾ ਕੇ ਪ੍ਰਬੰਧ ਚਲਾਉਣ ਲਈ ਆਗਿਆ ਲਈ ਗਈ ਸੀ । ਉਸ ਤੋਂ ਬਾਅਦ ਪਿੰਡ ਦੀਆਂ



ਸੰਗਤਾਂ ਵੱਲੋਂ ਨਿਰ ਵਿਰੋਧ ਪ੍ਰਬੰਧ ਬਾਬਾ ਬਲਵਿੰਦਰ ਸਿੰਘ ਜੀ ਦੇ ਪਰਿਵਾਰ ਨੂੰ ਸੌਂਪ ਦਿੱਤਾ ਗਿਆ ਸੀ ।

**ਇੱਕ ਨਜ਼ਰ ਮਾਰਦੇ ਹਾਂ ਇਤਿਹਾਸਿਕ ਸਥਾਨ ਗੁਰਦੁਆਰਾ ਖਿਚੜੀ ਸਾਹਿਬ ਦੇ ਇਤਿਹਾਸ ਬਾਰੇ :** ਛੇਵੀਂ ਪਾਤਸ਼ਾਹੀ ਸ੍ਰੀ ਹਰਗੋਬਿੰਦ ਸਾਹਿਬ ਜੀ ਅੰਮ੍ਰਿਤਸਰ ਨੂੰ ਜਾਂਦੇ ਹੋਏ ਸਮਤ ਬਿਕਰਮੀ 1675 ਈ: ਦੀ ਜੇਠ ਨੂੰ ਅਮ੍ਰਿਤਸਰ ਤੋਂ ਜਾਂਦੇ ਹੋਏ ਬੇਅੰਤ ਘੋੜ ਸਵਾਰਾਂ ਸਮੇਤ 1673 ਬਿਕਰਮੀ ਮੁਤਾਬਕ 5 ਹਾੜ ਨੂੰ ਕਰਹਾਲੀ ਸਾਹਿਬ ਪਹੁੰਚੇ ।ਕਰਹਾਲੀ ਪਿੰਡ ਵਿੱਚ ਗੁਰਮੁਖ ਸਿੰਘ ਰੋਗੀ ਨੂੰ ਠੀਕ ਕਰਨ ਤੋਂ ਬਾਅਦ ਗੁਰੂ ਸਾਹਿਬ ਉਥੋ ਚਲ ਪਏ ਜਦੋਂ ਇੱਕ ਸਰਧਾਲੂ ਮਾਤਾ ਨੂੰ ਪਤਾ ਲੱਗਾ ਤਾ ਉਹ ਗੁਰੂ ਸਾਹਿਬ ਦੇ ਪਿੱਛੇ ਦੌੜੀ ਤੇ ਇਸ ਅਸਥਾਨ ਤੇ ਗੁਰੂ ਜੀ ਨੂੰ ਪ੍ਰਸ਼ਾਦਾ ਛਕਾਇਆ ਗੁਰੂ ਜੀ ਨੇ ਬਚਨ ਦਿੱਤਾ ਜੋ ਵੀ ਮਾਈ ਭਾਈ ਇਸ ਅਸਥਾਨ ਤੇ ਖਿਚੜੀ ਬਣਾ ਕੇ ਛਕੇਗਾ ਉਸ ਦਾ ਪੀਲੀਏ ਦਾ ਰੋਗ ਅਤੇ ਹੋਰ ਸਟ ਰੋਗਾ ਦਾ ਨਾਸ ਹੋਵੇਗਾ। ਫਿਰ 9ਵੀ ਪਾਤਸਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਇਸ ਅਸਥਾਨ ਤੇ ਆ ਕੇ ਰੁਕੇ ਅਤੇ ਚੀਕਾ ਹਰਿਆਣਾ ਦਿੱਲੀ ਵੱਲ ਰਵਾਨਾ ਹੋਏ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਅਮਰੀਕਾ ਪੁੱਜੇ ਟਕਸਾਲ ਮੁਖੀ ਸੰਤ ਗਿਆਨੀ ਗਿਆਨੀ ਹਰਨਾਮ ਸਿੰਘ ਖ਼ਾਲਸਾ ਦਾ ਲਾਸ ਏਂਜਲਸ ਹਵਾਈ ਅੱਡੇ ਤੇ ਭਰਵਾਂ ਸੁਆਗਤ


















**ਚੌਕ ਮਹਿਤਾ, 22 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )-** ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦਾ ਅਮੇਰਿਕਾ ਦੀ ਧਰਮ ਪ੍ਰਚਾਰ ਦੇ ਸੰਖੇਪ ਦੌਰੇ ਮੌਕੇ ਲਾਸ ਏਂਜਲਸ ਹਵਾਈ ਅੱਡੇ ਤੇ ਅਮੇਰਿਕਾ ਦੇ ਕੋਨੇ-ਕੋਨੇ ਤੋਂ ਵੱਡੀ ਗਿਣਤੀ ਵਿੱਚ ਪੁੱਜੀਆਂ ਸਿੱਖ ਸੰਗਤਾਂ ਵੱਲੋਂ ਭਰਵਾਂ ਸੁਆਗਤ ਕੀਤਾ ਗਿਆ ।ਇਸ ਮੌਕੇ ਅਮਰੀਕਾ ਦੇ ਪ੍ਰਮੁੱਖ ਗੁਰਦੁਆਰਾ ਸਾਹਿਬਾਨਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦੇ ਅਮੇਰਿਕਾ ਦੀਆਂ ਸਿਰਮੌਰ ਸਿੱਖ ਸਖਸ਼ੀਅਤਾ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਿੱਖ ਸੰਗਤਾਂ ਨੇ ਗੁਰੂ ਘਰ ਦੀ ਬਖਸ਼ੀ ਸਿਰੋਪਾਓ ਫੁੱਲਾਂ ਅਤੇ ਡਾਲਰਾਂ ਦੇ ਹਾਰ,ਭੇਟ ਕਰਕੇ ਉਹਨਾਂ ਨੂੰ ਅਮਰੀਕਾ ਦੀ ਧਰਤੀ ਤੇ ਜੀ ਆਇਆਂ ਆਖਿਆ ।ਇਸ ਧਰਮ ਪ੍ਰਚਾਰ ਫੇਰੀ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਸੈਕਰਾਮੈਂਟੋ, ਸਟਾਕਟਨ, ਫਰੀਮੋਂਟ, ਮੰਟਿਕਾ, ਟਰੇਸੀ, ਟਰਲਕ, ਫਰਿਜਨੋ, ਬੇਕਰਸਫੀਲਡ, ਰੀਵਰਸਾਈਡ ਸਮੇਤ ਦਰਜਨ ਦੇ ਕਰੀਬ ਸ਼ਹਿਰਾਂ ਵਿੱਚ ਫੇਰੀ ਪਾਉਣਗੇ।ਅਮਰੀਕਾ ਪੁੱਜਣ ਮੌਕੇ ਮਹਾਂਪੁਰਖਾਂ ਦੇ ਸਵਾਗਤ ਲਈ ਸੰਗਤਾਂ ਵੱਲੋਂ ਜੋ ਉਤਸ਼ਾਹ ਦਿਖਾਇਆ ਗਿਆ ਉਹ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਭਾਰਤ ਦੀ ਧਰਤੀ ਤੇ ਨਿਭਾਏ ਗਏ ਵਡੇਰੇ ਪੰਥਕ ਕਾਰਜਾਂ ਪ੍ਰਤੀ ਅਮਰੀਕਾ ਦੀ ਸੰਗਤ ਦੇ ਸਤਿਕਾਰ ਨੂੰ ਦਰਸਾਉਂਦਾ ਸੀ ।ਉਹਨਾਂ ਦੀ 15 ਦਿਨ ਦੀ ਸੰਖੇਪ ਫੇਰੀ ਮੌਕੇ ਅਮੇਰਿਕਾ ਪੁੱਜਣ ਤੇ ਲਾਸ ਏਂਜਲਸ ਏਅਰਪੋਰਟ ਉੱਪਰ ਸਵਾਗਤ ਕਰਨ ਵਾਲਿਆਂ ਵਿੱਚ ਪ੍ਰਮੁੱਖ ਰੂਪ ਵਿੱਚ ਭਾਈ ਮਨਬੀਰ ਸਿੰਘ ਦੇ ਦਾਮਾਦ ਭਾਈ ਸੁਖਦੀਪ ਸਿੰਘ ਯੂਕੇ,ਭਾਈ ਮੇਜਰ ਸਿੰਘ, ਭਾਈ ਦਲਬੀਰ ਸਿੰਘ ਮੰਟਿਕਾ,ਭਾਈ ਪਰਮਜੀਤ ਸਿੰਘ,ਭਾਈ ਹਰਸਿਮਰਨਜੀਤ ਸਿੰਘ, ਭਾਈ ਪੁਰਵਿੰਦਰ ਸਿੰਘ, ਭਾਈ ਹਿੰਮਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਗੁਰਚਰਨ ਸਿੰਘ ,ਭਾਈ ਦਲਬੀਰ ਸਿੰਘ ਰਿਵਰਸਾਈਡ ,ਭਾਈ ਦਲਬੀਰ ਸਿੰਘ ਟਰਲਕ ,ਭਾਈ ਮਨਦੀਪ ਸਿੰਘ, ਭਾਈ ਅਮਨਦੀਪ ਸਿੰਘ ਯੂ.ਕੇ ,ਭਾਈ ਮਹਾ ਸਿੰਘ ਕਨੇਡਾ, ਗਿਆਨੀ ਰਣਜੀਤ ਸਿੰਘ ਧੂੰਦਾ ,ਭਾਈ ਬਲਜੀਤ ਸਿੰਘ, ਭਾਈ ਦਲੀਪ ਸਿੰਘ ਦੀਪੂ ਸਮਸਤਪੁਰ,ਭਾਈ ਮਨਪ੍ਰੀਤ ਸਿੰਘ ਰੀਵਰਸਾਈਡ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਯਾਦਗਾਰੀ ਹੋ ਨਿਬੜਿਆ

# ਗੁਰੂ ਰਾਮਦਾਸ ਸੀਨੀਅਰ ਪਬਲਿਕ ਸਕੂਲ ਸ਼ਾਹਦੀਨ ਦਾ ਇਨਾਮ ਵੰਡ ਸਮਾਰੋਹ







ਆਵਾਜ਼ਿ ਕੌਮ AWAZE QAUM International Newspaper & WEB TV

**ਫ਼ਿਰੋਜ਼ਪੁਰ, 22 ਨਵੰਬਰ (ਮਨੋਹਰ ਲਾਲ) :—** ਯਾਦਗਾਰੀ ਹੋ ਨਿਬੜਿਆ ਗੁਰੂ ਰਾਮਦਾਸ ਸੀਨੀਅਰ ਪਬਲਿਕ ਸਕੂਲ ਸ਼ਾਹਦੀਨ ਦਾ ਇਨਾਮ ਵੰਡ ਸਮਾਰੋਹ। ਇਸ ਮੌਕੇ ਤੇ ਸਕੂਲ ਦੇ ਬੱਚਿਆਂ ਵੱਲੋਂ 30 ਤੋਂ ਵੱਧ ਆਈਟਮਾਂ ਪੰਜਾਬੀ ਸੱਭਿਆਚਾਰਕ ਭੰਗੜਾ, ਗਿੱਧਾ, ਲੋਕ ਨਾਚ, ਜਾਗੋ, ਮੋਬਾਇਲ ਸਾਰੇ ਅਤੇ ਨਸ਼ਿਆਂ ਖਿਲਾਫ, ਭਰੂਣ ਹੱਤਿਆ, ਬੱਚਿਆਂ ਲਈ ਮਾਂ—ਬਾਪ ਦਾ ਪਿਆਰ, ਧੀਆਂ ਨੂੰ ਕੁੱਖ ਵਿਚ ਨਾ ਮਾਰੋ ਆਦਿ ਆਈਟਮਾਂ ਕਰਕੇ ਬੱਚਿਆਂ, ਮਾਪਿਆਂ, ਸਕੂਲ ਟੀਚਰਾਂ ਵੱਲੋਂ ਸੋਚਨ ਲਈ ਮਜ਼ਬੂਰ ਕਰ ਦਿੱਤਾ। ਇਸ ਮੌਕੇ ਤੇ ਸ੍ਰੀ ਗੁਰੂ ਰਾਮਦਾਸ ਸੀਨੀਅਰ ਪਬਲਿਕ ਸਕੂਲ ਸ਼ਾਹਦੀਨ ਵਾਲਾ ਦੇ ਚੇਅਰਮੈਨ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਤੇ ਵਿਸ਼ੇਸ਼ ਮਹਿਮਾਨ ਸ: ਰਣਬੀਰ ਸਿੰਘ ਭੁੱਲਰ ਹਲਕਾ ਵਿਧਾਇਕ ਫ਼ਿਰੋਜ਼ਪੁਰ ਸ਼ਹਿਰ ਪਹੁੰਚੇ ਅਤੇ ਚੰਗੀਆਂ ਪੁਜੀਸ਼ਨਾਂ ਹਾਸਲ ਕਰਨ ਵਾਲਿਆਂ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸ: ਰਣਬੀਰ ਸਿੰਘ ਭੁੱਲਰ ਨੇ ਬੋਲਦਿਆਂ ਕਿਹਾ ਕਿ ਇਹ ਸਕੂਲ 1995 ਵਿਚ ਸ਼ੁਰੂ ਹੋਇਆ ਸੀ ਅਤੇ ਵਿਦਿਆ ਦੇ ਖੇਤਰ ਵਿਚ ਇਥੋਂ ਦੇ ਬਚੇ ਪੜ੍ਹਕੇ ਵੱਡੇ—ਵੱਡੇ ਅਹੁਦਿਆਂ ਤੇ ਪਹੁੰਚੇ ਹੋਏ ਹਨ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਕੂਲ ਦਾ ਚੰਗਾ ਰਿਜਲਟ ਆਉਣ ਤੇ ਸਕੂਲ ਦੇ ਸਮੂਹ ਸਟਾਫ, ਟੀਚਰਾਂ, ਪ੍ਰਿੰਸੀਪਲ ਅਤੇ ਮੈਨੇਜਰ ਇੰਦਰਪਾਲ ਸਿੰਘ ਨੂੰ ਵਧਾਈ ਦਿੱਤੀ, ਜਿਨ੍ਹਾਂ ਦੇ ਸਦਕੇ ਸਕੂਲ ਦਾ ਰਿਜਲਟ ਬਹੁਤ ਵਧੀਆ ਆਇਆ ਹੈ। ਬਾਬਾ ਜੀ ਨੇ ਸਮੂਹ ਸਕੂਲ ਸਟਾਫ ਨੂੰ ਕਿਹਾ ਕਿ ਉਹ ਇਸ ਤੋਂ ਵੀ ਵੱਧ ਪੜ੍ਹਾਈ ਕਰਵਾਉਣ ਤਾਂ ਜ਼ੋ ਬੱਚੇ ਹਰ ਖੇਤਰ ਵਿਚ ਅੱਗੇ ਵਧਣ। ਇਸ ਮੌਕੇ ਤੇ ਪ੍ਰਿੰਸੀਪਲ ਰਣਜੀਤ ਸਿੰਘ ਅਤੇ ਮੈਨੇਜਰ ਇੰਦਰਪਾਲ ਸਿੰਘ ਨੇ ਸਮੂਹ ਆਏ ਹੋਏ ਮੁੱਖ ਮਹਿਮਾਨ, ਮਾਪਿਆਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆ ਆਖਿਆ। ਇਸ ਮੌਕੇ ਰਣਬੀਰ ਸਿੰਘ ਭੁੱਲਰ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਨੇ ਸਕੂਲੀ ਬੱਚਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਸੰਤ ਬਾਬਾ ਭਗਤ ਮਿਲਖਾ ਸਿੰਘ ਨੂੰ ਸ਼ੁਭ ਕਾਮਨਾਵਾਂ ਦਿੰਦੇ ਹੋਏ ਸਕੂਲ ਦੀ ਤਰੱਕੀ—ਉਨਤੀ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਸਕੂਲ ਦੇ ਉਜਵਲ ਭਵਿੱਖ ਲਈ ਸਕੂਲ ਪ੍ਰਬੰਧਕ ਜ਼ੋ ਵੀ ਉਨ੍ਹਾਂ ਦੀ ਡਿਊਟੀ ਲਾਉਣਗੇ, ਉਹ ਖਿੜ੍ਹੇ ਮੱਥੇ ਪ੍ਰਵਾਨ ਕਰਨਗੇ ਅਤੇ ਸਰਕਾਰ ਤੋਂ ਹਰ ਤਰ੍ਹਾਂ ਦੀ ਸਹੂਲਤ ਦਿਵਾਉਣਗੇ।

# ਅਮਰੀਕ ਸਿੰਘ ਨੇ ਬਾਟਾ ਕੰਪਨੀ ਇੰਡੀਆ ਤੇ ਪਾਇਆ ਕੇਸ—ਕੰਪਨੀ ਨੂੰ ਹੋਇਆ ਜੁਰਮਾਨਾ



ਆਵਾਜ਼ਿ ਕੌਮ AWAZE QAUM International Newspaper & WEB TV

**ਫ਼ਿਰੋਜ਼ਪੁਰ, 22 ਨਵੰਬਰ (ਮਨੋਹਰ ਲਾਲ) :—** ਧੋਖਾਧੜੀ ਕਰਨ ਦੇ ਦੋਸ਼ਾਂ ਤਹਿਤ ਕਾਰਵਾਈ ਕਰਵਾਉਣ ਲਈ ਅਮਰੀਕ ਸਿੰਘ ਪੁੱਤਰ ਬਖਸੀਸ਼ ਸਿੰਘ ਵਾਸੀ ਮਕਾਨ ਨੰਬਰ 62 ਬਜ਼ਾਰ ਨੰਬਰ 7 ਫ਼ਿਰੋਜ਼ਪੁਰ ਛਾਉਣੀ ਨੇ ਬਾਟਾ ਕੰਪਨੀ ਤੋਂ ਇਕ ਜੁੱਤੇ ਦੀ ਜ਼ੋੜੀ ਕੀਮਤ 1599 ਰੁਪਏ ਵਿਚ ਖਰੀਦ ਕੀਤੀ ਸੀ, ਜਿਸ ਦੀ ਗਰੰਟੀ ਬਾਟਾ ਕੰਪਨੀ ਵੱਲੋਂ ਇਕ ਸਾਲ ਦੀ ਦਿੱਤੀ ਗਈ ਸੀ, ਪਰ ਬੂਟਾਂ ਵਿਚ ਬਨਾਵਟੀ ਨੁਕਸ ਹੋਣ ਕਰਕੇ ਸ਼ਿਕਾਇਤਕਰਤਾ ਅਮਰੀਕ ਸਿੰਘ ਨੇ ਬਾਟਾ ਕੰਪਨੀ ਕੋਲ ਪਹੁੰਚ ਕੀਤੀ, ਪਰ ਉਨ੍ਹਾਂ ਨੂੰ ਬੂਟ ਬਦਲਣ ਤੋਂ ਇਨਕਾਰ ਕਰ ਦਿੱਤਾ ਗਿਆ ਅਤੇ ਚੰਗਾ ਮਾੜਾ ਬੋਲਿਆ। ਗੱਲਬਾਤ ਕਰਦਿਆਂ ਅਮਰੀਕ ਸਿੰਘ ਨੇ ਕਿਹਾ ਕਿ ਉਕਤ ਦੁਕਾਨ ਸੰਚਾਲਕਾਂ ਨੇ ਕਿਹਾ ਕਿ ਮੈਂ ਬੂਟ ਨਹੀਂ ਬਦਲ ਕੇ ਦੇਣੇ ਤੇਰਾ ਜ਼ੋ ਜੀ ਕਰਦਾ ਹੈ ਕਰ ਲੈ, ਅਖੀਰ ਉਸ ਵੱਲੋਂ ਇਕ ਕੰਪਲੇਟ ਕਜਿਊਮਰ ਕੋਰਟ ਵਿਚ ਪਾਈ ਗਈ, ਜਿਥੇ ਮਾਣਯੋਗ ਅਦਾਲਤ ਨੇ ਸਾਰੇ ਕੇਸ ਦੀ ਘੋਖ ਕੀਤੀ ਅਤੇ ਉਨ੍ਹਾਂ ਬਾਟਾ ਕੰਪਨੀ ਨੂੰ 2 ਹਜ਼ਾਰ ਰੁਪਏ ਜੁਰਮਾਨੇ ਦੇ ਨਾਲ—ਨਾਲ ਬੂਟਾਂ ਦੀ ਕੀਮਤ 1599 ਰੁਪਏ ਸਣੇ ਵਿਆਜ 6 ਫੀਸਦੀ ਦੇਣ ਦਾ ਹੁਕਮ ਦਿੱਤਾ ਹੈ। ਇਥੇ ਇਹ ਦਸਣਯੋਗ ਹੈ ਕਿ ਅਮਰੀਕ ਸਿੰਘ ਜ਼ੋ ਕਿ ਇਕ ਸਮਾਜ ਸੇਵਕ ਹਨ ਅਤੇ ਲੋਕ ਭਲਾਈ ਦੇ ਕੰਮਾਂ ਵਿਚ ਵੱਧ ਚੜ੍ਹ ਕੇ ਸਹਿਯੋਗ ਦਿੰਦੇ ਹਨ।

ਈਟੀਓ ਵੱਲੋਂ ਜੰਡਿਆਲਾ ਵਿੱਚ ਆਮ ਆਦਮੀ ਕਲੀਨਿਕ ਅਤੇ ਸੁਵਿਧਾ ਕੇਂਦਰ ਦੀ

# ਅਚਨਚੇਤ ਚੈਕਿੰਗ ਕੂੜੇ ਦਾ ਡੰਪ ਬਦਲਣ ਦੀਆਂ ਕੀਤੀਆਂ ਹਦਾਇਤਾਂ



ਆਵਾਜ਼ਿ ਕੌਮ AWAZE QAUM International Newspaper & WEB TV

**ਜੰਡਿਆਲਾ ਗੁਰੂ 22 ਨਵੰਬਰ ( ਕੁਲਵੰਤ ਸਿੰਘ ਵਿਰਦੀ)** -ਅੱਜ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਵਿਖੇ ਚੱਲ ਰਹੇ ਆਮ ਆਦਮੀ ਕਲੀਨਿਕ ਅਤੇ ਸੁਵਿਧਾ ਕੇਂਦਰ ਦੀ ਅਚਨਚੇਤ ਚੈਕਿੰਗ ਕੀਤੀ। ਉਹਨਾਂ ਨੇ ਇਸ ਮੌਕੇ ਦੋਵਾਂ ਕੇਂਦਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੇ ਵੇਰਵੇ ਅਤੇ ਉੱਥੇ ਕੰਮ ਕਰਵਾਉਣ ਆਏ ਲੋਕਾਂ ਦੀ ਫੀਡਬੈਕ ਲਈ। ਸ: ਹਰਭਜਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸਿਹਤ ਅਤੇ ਸਹੂਲਤਾਂ ਲਈ ਵਚਨਬੱਧ ਹੈ। ਇਸ ਲਈ ਆਮ ਆਦਮੀ ਕਲੀਨਿਕ ਅਤੇ ਸੁਵਿਧਾ ਕੇਂਦਰ ਵਿੱਚ ਲੋਕਾਂ ਨੂੰ ਕਿਸੇ ਵੀ ਤਰਾਂ ਦੀ ਕੋਈ ਸਮੱਸਿਆ ਪੇਸ਼ ਨਹੀਂ ਹੋਣੀ ਚਾਹੀਦੀ। ਉਹਨਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਸਰਕਾਰ ਦੀ ਪਹਿਲੀ ਤਰਜੀਹੀ ਹਨ ਅਤੇ ਆਮ ਆਦਮੀ ਕਲੀਨਿਕ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦਾ ਸੁਪਨਮਈ ਪ੍ਰੋਜੈਕਟ ਹੈ। ਉਹਨਾਂ ਨੇ ਕਰਮਚਾਰੀਆਂ ਦੀ ਹੌਸਲਾ ਅਫਜਾਈ ਕਰਦਿਆਂ ਕਿਹਾ ਕਿ ਤੁਹਾਡੇ ਸਾਥ ਨਾਲ ਸਰਕਾਰ ਬੇਹਤਰ ਸਿਹਤ ਸਹੂਲਤਾਂ ਲੋਕਾਂ ਨੂੰ ਦੇਣ ਵਿੱਚ ਕਾਮਯਾਬ ਹੋਈ ਹੈ ਅਤੇ ਸਾਡੀ ਕੋਸ਼ਿਸ਼ ਇਸ ਵਿੱਚ ਹੋਰ ਸੁਧਾਰ ਕਰਨ ਦੀ ਹੈ। ਉਹਨਾਂ ਨੇ ਇਸ ਮੌਕੇ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੂੜੇ ਦਾ ਡੰਪ ਵੀ ਕਿਧਰੇ ਹੋਰ ਤਬਦੀਲ ਕਰਨ ਲਈ ਥਾਂ ਲੱਭੀ ਜਾਵੇ, ਤਾਂ ਜੋ ਸ਼ਹਿਰ ਵਾਸੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

# ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਵਲੋਂ ਸਾਈਨ ਬੋਰਡ ਦੇ ਕੰਮਾਂ ਦਾ ਕੀਤਾ ਉਦਘਾਟਨ



**ਚੌਂਕ ਮਹਿਤਾ, 22 ਨਵੰਬਰ ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਪੱਛਮੀ ਵਿੱਚ ਜ਼ਿਲ੍ਹਾ ਪਲੈਨਿੰਗ ਕਮੇਟੀ ਦੇ ਅਖ਼ਿਤਆਰੀ ਕੋਟੇ ਵਿਚੋਂ ਐਮ ਐਲ ਏ ਜਸਬੀਰ ਸਿੰਘ ਸੰਧੂ ਜੀ ਦੀ ਅਗਵਾਈ ਵਿੱਚ ਵਾਰਡ ਨੰਬਰ 4 ਵਿਖੇ

ਆਵਾਜ਼ਿ ਕੌਮ AWAZE QAUM International Newspaper & WEB TV

ਸਾਇਨ ਬੋਰਡ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ ਇਸ ਮੌਕੇ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰ ਜਸਪ੍ਰੀਤ ਸਿੰਘ ਨੇ ਹਲਕਾ ਪੱਛਮੀ ਦੀ ਸਾਰੀ ਟੀਮ ਦਾ ਪਿਆਰ ਦੇਣ ਲਈ ਬਹੁਤ ਬਹੁਤ ਧੰਨਵਾਦ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਰਪ੍ਰੀਤ ਸਿੰਘ ਬੇਦੀ,ਜਰਨਲ ਸਕੱਤਰ ਮੁਖਵਿੰਦਰ ਸਿੰਘ ਵਿਰਦੀ,ਮੋਤੀ ਲਾਲ ਜੀ, ਡਿੰਪਲ ਅਰੋੜਾ, ਵਰੁਣ ਰਾਣਾ ਮੀਡੀਆ ਇੰਚਾਰਜ , ਰਾਜ ਭਗਤ ,ਸੁਨੀਲ ਜੀ, ਸਰਬਜੀਤ ਸਿੰਘ ਬਿੱਟੂ, ਜਗਜੀਤ ਸਿੰਘ, ਸਤਨਾਮ ਮਠਾੜੂ, ਵਿਨੈਪਾਲ, ਸੰਦੀਪ ਭਿੰਡਰ, ਹਰਜੀਤ ਸਿੰਘ ਕਲਕੱਤਾ, ਜੈ ਦੀਪ ਸਿੰਘ ਆਦਿ ਹਾਜ਼ਰ ਸਨ।

# ਫੂਡ ਸੇਫਟੀ ਵਿਭਾਗ ਵਲੋਂ ਨਾਮੀਂ ਡੇਅਰੀਆਂ ਤੇ ਕਸਿੱਆ ਗਿਆ ਸ਼ਿਕੰਜਾ, ਮਿਲਾਵਟਖੋਰਾਂ ਨੂੰ ਨਹੀ ਬਖਸ਼ਿਆ ਜਾਵੇਗਾ: ਸਿਵਲ ਸਰਜਨ : ਡਾ. ਕਿਰਨਦੀਪ ਕੌਰ



**ਚੌਂਕ ਮਹਿਤਾ, 22 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਦੁੱਧ ਅਤੇ ਦੁੱਧ ਦੇ ਪਦਾਰਥਾਂ ਵਿਚ ਹੋ ਰਹੀ ਮਿਲਾਵਟ ਨੂੰ ਨੱਥ ਪਾਓਣ ਲਈ ਫੂਡ ਸੇਫਟੀ ਟੀਮ ਵਲੋਂ ਵਿਡੀ ਗਈ ਮੁਹਿੰਮ ਦੀ ਲਗਾਤਾਰਤਾ ਵਿਚ ਮਾਣਯੋਗ ਡਿਪਟੀ ਕਮਿਸ਼ਨਰ ਸ਼੍ਰੀਮਤੀ ਸ਼ਾਕਸ਼ੀ ਸਾਹਨੀ ਦੇ ਹੁਕਮਾਂ ਅਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡੈਜੀਗਨੇਟਿਡ ਅਫਸਰ ਫੂਡ ਸੇਫਟੀ ਡਾ ਜਤਿੰਦਰ ਭਾਟੀਆ ਦੀ ਅਗਵਾਈ ਹੇਠ ਫੂਡ ਸੇਫਟੀ ਅਫਸਰ

ਆਵਾਜ਼ਿ ਕੌਮ AWAZE QAUM International Newspaper & WEB TV

ਕਮਲਦੀਪ ਕੌਰ ਅਤੇ ਟੀਮ ਵਲੋਂ ਛੇਹਰਟਾ ਰੋਡ ਵਿਖੇ ਸਚਿਤ ਤੇ ਆਰੀਆ ਰੈਸਟੋਰੇਂਟ ਅਤੇ ਮਠਿਆਈ ਦੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਗਈ। ਜਿਸ ਦੌਰਾਣ 2 ਸੈਂਪਲ ਦੁੱਧ ਦੇ, 1 ਸੈਂਪਲ ਦੇਸ਼ੀ ਘਿਓ, 2 ਸੈਂਪਲ ਮਠਿਆਈ ਦੇ ਭਰੇ ਗਏ। ਇਸ ਅਵਸਰ ਤੇ ਡਾ ਜਤਿੰਦਰ ਭਾਟੀਆਂ ਨੇ ਕਿਹਾ ਕਿ ਇਹ ਸਾਰੇ ਸੈਂਪਲ ਸਟੇਟ ਫੂਡ ਲੈਬ ਖਰੜ ਵਿਖੇ ਜਾਂਚ ਲਈ ਭੇਜੇ ਗਏ ਹਨ ਅਤੇ ਰਿਪੋਰਟ ਆਓਣ ਤੋਂ ਬਾਦ ਇਹਨਾਂ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਡੇਅਰੀ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਕਿਸਮ ਦੀ ਮਿਲਾਵਟਖੋਰੀ ਨਾਂ ਕੀਤੀ ਜਾਵੇ ਅਤੇ ਜੇਕਰ ਕੋਈ ਦੁਕਾਨਦਾਰ ਮਿਲਾਵਟਖੋਰੀ ਕਰਦਾ ਪਾਇਆ ਗਿਆ ਤਾਂ ਸਖਤ ਕਾਰਵਾਈ ਕੀਤੀ ਜਾਵੇਗੀ।

# ਪੈਨਸ਼ਨਰ ਮੰਗਾਂ ਲਈ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਕੋਲ ਲਾਈ ਗੁਹਾਰ



**ਫ਼ਿਰੋਜ਼ਪੁਰ, 22 ਨਵੰਬਰ (ਮਨੋਹਰ ਲਾਲ) :—** ਮੁਲਾਜ਼ਮ ਮੰਗਾਂ ਨੂੰ ਲੈ ਕੇ ਬਚਿੱਤਰ ਸਿੰਘ ਸਾਬਕਾ ਫਾਰੈਸਟ ਮੋਗਾ ਨੇ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨਾਲ ਕੀਤੀ ਵਾਰਤਾਲਾਪ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਨੇ ਦੱਸਿਆ ਕਿ ਪੈਨਸ਼ਨਰਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਆਵਾਜ਼ ਬੁਲੰਦ ਕੀਤੀ ਗਈ। ਉਨ੍ਹਾਂ ਕਿਹਾ ਕਿ ਫ਼ਿਰੋਜ਼ਪੁਰ ਵਿਖੇ ਡਿਪਟੀ ਕਮਿਸ਼ਨਰ ਜੀ ਵੱਲੋਂ ਲਗਾਈ ਪੈਨਸ਼ਨ ਅਦਾਲਤ ਵਿਚ ਇਹ ਮਸਲਾ ਉਠਾਇਆ ਗਿਆ ਜ਼ੋ ਕਿ ਮਹਾਂ ਲੇਖਾਕਾਰ ਪੰਜਾਬ ਚੰਡੀਗੜ੍ਹ ਦੇ ਅਧਿਕਾਰੀਆਂ ਸਾਹਮਣੇ ਆਪਣਾ ਪੱਖ ਪੇਸ਼ ਕੀਤਾ ਗਿਆ। ਇਸ ਮੌਕੇ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ ਅਤੇ ਗੁਰਚਰਨ ਸਿੰਘ ਚੱਕ ਸਾਬਕਾ ਉਪ ਵਣ ਰੇਂਜ ਅਫਸਰ ਹਾਜ਼ਰ ਸਨ।

### ਸਮਾਜ ਸੇਵੀ ਹੌਲਦਾਰ ਹਰੀ ਸਿੰਘ ਭੋਏਵਾਲ ਦੇ ਨਮਿਤ

# ਅੰਤਿਮ ਅਰਦਾਸ ਅਤੇ ਭੋਗ ਪਾਏ ਗਏ

## ਭਾਈ ਬਲਦੇਵ ਸਿੰਘ ਵਡਾਲਾ ਰਾਗੀ ਜਥੇ ਨੇ ਬੈਰਾਗ ਮਈ ਗੁਰਬਾਣੀ ਦੇ ਪਵਿੱਤਰ ਪਾਵਨ ਕੀਰਤਨ ਅਤੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ










**ਚੌਕ ਮਹਿਤਾ, 22 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਮਾਜ ਸੇਵੀ ਹੌਲਦਾਰ ਹਰੀ ਸਿੰਘ ਭੋਏਵਾਲ ਦੇ ਨਮਿਤ ਅਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਅਖੰਡ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸਿੰਘ ਸਭਾ ਭੋਏਵਾਲ ਵਿੱਖੇ ਭਾਈ ਬਲਦੇਵ ਸਿੰਘ ਵਡਾਲਾ ਰਾਗੀ ਜਥੇ ਨੇ ਬੈਰਾਗ ਮਈ ਗੁਰਬਾਣੀ ਦੇ ਪਵਿੱਤਰ ਪਾਵਨ ਕੀਰਤਨ ਅਤੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਤੇ ਵਿਸੇਸ ਤੌਰ ਤੇ ਮੀਰੀ ਪੀਰੀ ਦੇ ਮਾਲਕ ਛੇਵੇ  ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰੂ ਕੀ ਬੇਰ ਸਾਹਿਬ ਜੀ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਹੁਰਾਂ ਜਥੇ ਸਮੇਤ ਸਰਧਾ ਦੇ ਫ਼ੁੱਲ ਭੇਟ ਕੀਤੇ ਗਏ। ਇਸ ਸਮੇਂ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਹੌਲਦਾਰ ਹਰੀ ਸਿੰਘ ਦੇ ਜੀਵਨੀ ਬਾਰੇ ਚਾਨਣਾ ਪਾਇਆ ਅਤੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਨੇ ਕਿਹਾ ਕਿ ਹੌਲਦਾਰ ਹਰੀ ਸਿੰਘ ਅੰਮ੍ਰਿਧਾਰੀ ਅਤੇ ਨਿਤਨੇਮੀ 24 ਘੰਟੇ ਵਾਹਿਗੁਰੂ ਜੀ ਭਜਨ ਸਿਮਰਨ ਕਰਦੇ ਰਹਿੰਦੇ ਸਨ। ਉਹ ਸਦਾ ਹੀ ਲੋੜਵੰਦਾਂ ਦੀ ਸੇਵਾ ਲਈ ਹਾਜਰ ਰਹਿੰਦੇ ਸਨ। ਇਹ ਪੁਲਿਸ ਕਪੂਰਥਲਾ ਵਿੱਚ ਗ੍ਰੰਥੀ ਸਿੰਘ ਦੀ ਡਿਊਟੀ ਤਨ ਮਨ ਧੰਨ ਨਾਲ ਕਰਦੇ ਸਨ ਉਪਰੰਤ ਉਨ੍ਹਾਂ ਦੇ ਸਪੁੱਤਰ ਜੋਬਨਪਰੀਤ ਸਿੰਘ ਕਨੇਡਾ ਨੂੰ ਸਿਰਪਾਉ ਦੇਕੇ ਘਰ ਦੀ ਜਿੰਮੇਵਾਰ ਸੌਂਪੀ ਗਈ। ਇਸ ਮੌਕੇ ਤੇ ਹੌਲਦਾਰ ਹਰੀ ਸਿੰਘ ਨੂੰ ਸਰਧਾ ਦੇ ਫ਼ੁੱਲ ਭੇਟ ਕਰਨ ਲਈ ਧਾਰਮਿਕ, ਰਾਜਨੀਤਕ, ਸਮਾਜ ਸੇਵੀ, ਪੰਜਾਬ ਦੇ ਉਚ ਅਧਿਕਾਰੀ, ਰਿਸ਼ਤੇਦਾਰ ਸਾਕ ਸੰਬੰਧੀ ਨੇ ਸਰਧਾ ਦੇ ਫ਼ੁੱਲ ਭੇਟ ਕੀਤੇ ਅੰਤਿਮ ਅਰਦਾਸ ਭਾਈ ਮੇਜਰ ਸਿੰਘ ਭੋਏਵਾਲ ਨੇ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਰਸੀ ’ਤੇ ਵਿਸ਼ੇਸ਼

# ਧੜੱਲੇਦਾਰ ਸਿੱਖ ਆਗੂ ਸਨ - ਮਾਸਟਰ ਤਾਰਾ ਸਿੰਘ

**20ਵੀਂ ਸਦੀ** ਦੇ ਉੱਘੇ ਸਿੱਖ ਆਗੂ ਮਾਸਟਰ ਤਾਰਾ ਸਿੰਘ ਅਜਿਹੇ ਧੜੱਲੇਦਾਰ ਸਿੱਖ ਆਗੂ ਸਨ, ਜਿਨ੍ਹਾਂ ਸਮੁੱਚਾ ਜੀਵਨ ਸ਼੍ਰੋਮਣੀ ਅਕਾਲੀ ਦਲ ਅਤੇ ਸਿੱਖ ਹਿੱਤਾਂ ਲਈ ਸੰਘਰਸ਼ ਕਰਦਿਆਂ ਬਤੀਤ ਕੀਤਾ। ਮਾਸਟਰ ਜੀ ਦਾ ਜਨਮ ਪੱਛਮੀ ਪੰਜਾਬ (ਪਾਕਿਸਤਾਨ) ਦੇ ਜ਼ਿਲ੍ਹਾ ਰਾਵਲਪਿੰਡੀ ਦੇ ਹਰਿਆਲ ਨਾਂਅ ਦੇ ਪਿੰਡ ਵਿੱਚ ਮਾਤਾ ਮੂਲਾਂ ਦੇਵੀ ਦੀ ਕੁੱਖ ਤੋਂ ਪਿਤਾ ਬਖ਼ਸ਼ੀ ਗੋਪੀ ਚੰਦ ਮਲਹੋਤਰਾ (ਜੋ

ਆਵਾਜ਼ਿ ਕੌਮ AWAZE QAUM International Newspaper & WEB TV

ਕਿੱਤੇ ਵਜੋਂ ਪਟਵਾਰੀ ਸਨ) ਦੇ ਘਰ 24 ਜੂਨ, 1885 ਈ: ਨੂੰ ਹੋਇਆ । ਮਾਸਟਰ ਜੀ ਦਾ ਪਹਿਲਾਂ ਨਾਂਅ ਨਾਨਕ ਚੰਦ ਸੀ, ਪਰ ਸਿੰਘ ਸਭਾ ਲਹਿਰ ਅਤੇ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਦੇ ਪ੍ਰਭਾਵ ਵਿੱਚ 1902 ਈ: ਵਿੱਚ ਆਪ ਅੰਮ੍ਰਿਤ ਛਕ ਕੇ ਸਿੰਘ ਸਜ ਗਏ ਅਤੇ ਨਾਨਕ ਚੰਦ ਤੋਂ ਤਾਰਾ ਸਿੰਘ ਬਣ ਗਏ । ਮੁੱਢਲੀ ਸਿੱਖਿਆ ਉਨ੍ਹਾਂ ਪਿੰਡ ਦੇ ਮਦਰਸੇ ਤੋਂ ਪ੍ਰਾਪਤ ਕੀਤੀ । ਉੱਚ ਸਿੱਖਿਆ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ । ਇਥੋਂ ਗਰੈਜੂਏਸ਼ਨ ਕਰਨ ਤੋਂ ਪਿੱਛੋਂ ਲਾਹੌਰ ਤੋਂ ਬੀ।ਟੀ।ਪਾਸ ਕੀਤੀ । ਇਸ ਟੀਚਰ ਟ੍ਰੇਨਿੰਗ ਦੀ ਬੈਚੂਲਰ ਦੀ ਡਿਗਰੀ ਤੋਂ ਪਿੱਛੋਂ ਮਾਸਟਰ ਤਾਰਾ ਸਿੰਘ ਖ਼ਾਲਸਾ ਹਾਈ ਸਕੂਲ ਦੇ ਹੈੱਡਮਾਸਟਰ ਵਜੋਂ ਨਿਯੁਕਤ ਹੋਏ ।



ਗੁਰਦੁਆਰਾ ਸੁਧਾਰ ਲਹਿਰ ਲਈ ਚੱਲੇ ਸੰਘਰਸ਼ ਵਿੱਚ ਅੰਗ੍ਰੇਜ਼ ਸਰਕਾਰ ਨੇ ਬਾਕੀ ਅਕਾਲੀ ਲੀਡਰਾਂ ਸਮੇਤ ਮਾਸਟਰ ਜੀ ਨੂੰ ਵੀ ਗ੍ਰਿਫਤਾਰ ਕਰ ਲਿਆ । ਜਦੋਂ ਰਿਹਾਈ ਹੋਈ, ਉਸ ਸਮੇਂ ਅੰਗ੍ਰੇਜ਼ ਹਕੂਮਤ ਵੱਲੋਂ ਗੁਰਦੁਆਰਾ ਐਕਟ 1925 ਈ: ਵਿੱਚ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਲਈ ਲਾਗੂ ਕੀਤਾ । ਅਕਾਲੀ ਦਲ ਇਸ ਐਕਟ ਦੇ ਪਾਸ ਹੋਣ ਤੋਂ ਬਾਅਦ ਦੋ ਧੜਿਆਂ ਵਿੱਚ ਵੰਡਿਆ ਗਿਆ । ਮਾਸਟਰ ਜੀ ਦੂਜੇ ਧੜੇ ਨਾਲ ਜੁੜ ਗਏ । ਜਦੋਂ 1926 ਵਿੱਚ ਜੇਲੋਂ ਬਾਹਰ ਆਏ ਤਾਂ ਆਪ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਬਣਾਇਆ ਗਿਆ । ਇਸ ਤੋਂ ਪਿੱਛੋਂ ਸਮੇਂ-ਸਮੇਂ ਮਾਸਟਰ ਜੀ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਆਪਣੇ ਫਰਜ਼ ਨਿਭਾਉਂਦੇ ਰਹੇ ।

ਦੇਸ਼ ਦੀ ਵੰਡ ਤੋਂ ਬਾਅਦ ਫ਼ਰਵਰੀ 1949 ਈ: ਵਿੱਚ ਜਦੋਂ ਦਿੱਲੀ ਵਿੱਚ ਹੋ ਰਹੀ ਅਕਾਲੀ ਕਾਨਫਰੰਸ ਵਿੱਚ ਆਪ ਹਿੱਸਾ ਲੈਣ ਜਾ ਰਹੇ ਸਨ ਤਾਂ ਅਜ਼ਾਦ ਦੇਸ਼ ਵਿੱਚ ਦਿੱਲੀ ਵਿੱਚ ਦਾਖ਼ਲੇ ਤੋਂ ਪਹਿਲਾਂ ਨਰੇਲਾ ਸਟੇਸ਼ਨ ’ਤੇ ਗ੍ਰਿਫਤਾਰ ਕਰ ਲਿਆ ਗਿਆ । ਰਿਹਾਈ ਤੋਂ ਪਿੱਛੋਂ ਆਪ ਨੇ ਭਾਸ਼ਾ ’ਤੇ ਆਧਾਰਿਤ ਪੰਜਾਬੀ ਸੂਬੇ ਲਈ ਸੰਘਰਸ਼ ਦਾ ਐਲਾਨ ਕਰ ਦਿੱਤਾ । 1960 ਈ: ਵਿੱਚ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿੱਚ ਮਾਸਟਰ ਜੀ ਨੇ 140 ਸੀਟਾਂ ਵਿੱਚੋਂ 136 ਸੀਟਾਂ ਅਕਾਲੀ ਦਲ ਲਈ ਜਿੱਤੀਆਂ । ਆਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ । ਛੇਤੀ ਹੀ ਪ੍ਰਧਾਨਗੀ ਛੱਡ ਕੇ ਸੂਬੇ ਦੇ ਅੰਦੋਲਨ ਵਿੱਚ ਕੁੱਦ ਪਏ ।

ਅੰਮ੍ਰਿਤਸਰ ਵਿੱਚ ਪੰਜਾਬੀ ਸੂਬਾ ਕਨਵੈਨਸ਼ਨ ਵਿੱਚ ਪੰਜਾਬੀ ਸੂਬਾ ਬਨਾਉਣ ਲਈ ਮਤਾ ਪਾਸ ਕਰਵਾਇਆ । ਦਿੱਲੀ ਵਿੱਚ ਪ੍ਰਭਾਵਸ਼ਾਲੀ ਜਲੂਸ ਕੱਢਣ ਦਾ ਐਲਾਨ ਕੀਤਾ । ਇਸ ਜਲੂਸ ਤੋਂ ਪਹਿਲਾਂ ਮਾਸਟਰ ਜੀ ਨੂੰ ਗ੍ਰਿਫਤਾਰ ਕਰ ਲਿਆ ਗਿਆ । ਪਰ ਗ੍ਰਿਫਤਾਰੀ ਤੋਂ ਪਿੱਛੋਂ ਸਿੱਖਾਂ ਨੇ ਪੰਜਾਬੀ ਸੂਬੇ ਦੀ ਮੰਗ ਲਈ ਸ਼ਾਨਦਾਰ ਰੋਸ ਮਾਰਚ ਕੀਤਾ। 4 ਜੁਲਾਈ, 1961 ਨੂੰ ਰਿਹਾਅ ਹੋ ਕੇ ਸੰਤ ਫਤਹਿ ਸਿੰਘ ਵੱਲੋਂ ਸ਼ੁਰੂ ਕੀਤਾ ਮਰਨ ਵਰਤ ਖੁੱਲ੍ਹਵਾਇਆ । ਆਪ ਜੀ ਵੱਲੋਂ ਸੱਚਾ ਢੰਡੋਰਾ ਅਤੇ ਪ੍ਰਦੇਸੀ ਖ਼ਾਲਸਾ ਸਪਤਾਹਿਕ ਮੈਗਜ਼ੀਨ ਸ਼ੁਰੂ ਕੀਤੇ, ਜੋ ਪਿੱਛੋਂ ਅਕਾਲੀ ਅਖ਼ਬਾਰ ਦੇ ਰੂਪ ਵਿੱਚ ਬਦਲ ਗਏ । 1961 ਈ: ਵਿੱਚ ਜਥੇਦਾਰ ਅਖ਼ਬਾਰ ਛਾਪਣਾ ਸ਼ੁਰੂ ਕੀਤਾ । ਉਰਦੂ ਵਿੱਚ ਪੰਥਕ ਹਿੱਤਾਂ ਲਈ ਪ੍ਰਭਾਤ ਅਖ਼ਬਾਰ ਵੀ ਕੱਢਿਆ । 1946 ਈ: ਵਿੱਚ ਆਪ ਜੀ ਵੱਲੋਂ ਸ਼ੁਰੂ ਕੀਤਾ ਗਿਆ ਸੰਤ ਸਿਪਾਹੀ ਮਾਸਿਕ ਹੁਣ ਤੱਕ ਛੱਪ ਰਿਹਾ ਹੈ । ਮਾਸਟਰ ਜੀ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਦਾ ਪੂਰਾ ਜੀਵਨ ਸਿੱਖ ਹਿੱਤਾਂ ਲਈ ਸੰਘਰਸ਼ ਕਰਦਿਆਂ ਬੀਤਿਆ। ਮਾਸਟਰ ਜੀ ਆਪਣੇ ਲੱਖਾਂ ਸਨੇਹੀਆਂ ਤੇ ਪਿਆਰਿਆਂ ਨੂੰ 22 ਨਵੰਬਰ, 1967 ਈ: ਨੂੰ ਸਦੀਵੀ ਵਿਛੋੜਾ ਦੇ ਗਏ।

ਸਿਹਤ ਵਿਭਾਗ ਵਲੋਂ ਡੇਂਗੂ/ਚਿਕਨਗੁਨੀਆਂ ਸੰਬਧੀ ਸੰਭਾਵਿਤ ਖੇਤਰਾਂ ਵਿਚ ਜਾ ਕੇ

# ਲੋਕਾਂ ਨੂੰ ਜਾਗਰੂਕ ਕੀਤਾ ਅਤੇ ਕਰਵਾਈਆ ਗਈਆਂ ਐਂਟੀਲਾਰਵਾ ਗਤੀਵਿਧੀਆਂ



**ਚੌਕ ਮਹਿਤਾ, 22 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਜੀ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਂਗੂ/ਚਿਕਨਗੁਨੀਆਂ ਸੰਬਧੀ ਸੰਭਾਵਿਤ ਖੇਤਰਾਂ ਵਿਚ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਜਿਲਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਦੀ ਅਗਵਾਹੀ ਹੇਠਾਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਨਰੈਣਗੜ੍ਹ, ਛੇਹਰਟਾ,

ਆਵਾਜ਼ਿ ਕੌਮ AWAZE QAUM International Newspaper & WEB TV

ਪੁਤਲੀਘਰ, ਬਟਾਲਾ ਰੋਡ, ਮਜੀਠਾ ਰੋਡ ਅਤੇ ਜਹਾਜਗੜ੍ਹ ਆਦਿ ਦੇ ਇਲਾਕਿਆਂ ਵਿੱਚ ਡੇਂਗੂ/ਚਿਕਨਗੁਨੀਆਂ ਦੇ ਸੰਬਧ ਵਿਚ ਐਂਟੀ ਲਾਰਵਾ ਦੀਆਂ 15 ਟੀਮਾਂ ਵਲੋਂ ਸਮੂਹ ਇਲਾਕੇ ਦੇ ਲਗਭਗ 285 ਘਰਾਂ ਵਿਚ ਜਾ ਕੇ ਡੇਂਗੂ/ਚਿਕਨਗੁਨੀਆਂ ਦੇ ਲਾਵਰੇ ਸੰਬਧੀ ਲੋਕਾਂ ਨੂੰ ਜਾਗਰੂਕ ਕੀਤਾ। ਇਸ ਦੌਰਾਣ ਸਮੂਹ ਟੀਮਾਂ ਅਤੇ ਨਰਸਿੰਗ ਕਾਲਜਾਂ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ ਘਰਾਂ ਵਿਚ ਜਾ ਕੇ ਐਂਟੀ ਲਾਰਵਾ ਗਤੀਵਿਧੀਆਂ ਕਰਵਾਈਆਂ ਗਈਆਂ ਅਤੇ ਲਗਭਗ 8 ਘਰਾਂ ਵਿਚੋਂ ਕੰਟੇਨਰਾਂ ਵਿਚ ਮਿਲੇ ਲਾਰਵੇ ਨੂੰ ਮੌਕੇ ਤੇ ਨਸ਼ਟ ਕੀਤਾ ਗਿਆ। ਇਸਤੋਂ ਇਲਾਵਾ ਇਹਨਾਂ ਇਲਾਕਿਆ ਵਿਚੋਂ ਫੀਵਰ ਸਰਵੇ ਵੀ ਕੀਤਾ ਗਿਆ ਅਤੇ ਬੁਖਾਰ ਦੇ ਮਰੀਜਾਂ ਬਲੱਡ-ਸੈਂਪਲ ਵੀ ਲਏ ਗਏ। ਇਸ ਦੇ ਨਾਲ ਹੀ ਕਈ ਥਾਵਾਂ ਦੇ ਖੜ੍ਹੇ ਪਾਣੀ ਵਿੱਚ ਕਾਲਾ ਤੇਲ ਪਾਇਆ ਗਿਆ, ਸਪਰੇਅ ਅਤੇ ਫੋਗਿੰਗ ਵੀ ਕਰਵਾਈ ਗਈ। ਇਸ ਸੰਬਧੀ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਜਾਣਕਾਰੀ ਦਿੰਦਿਆ ਕਿਹਾ ਕਿ ਸਿਹਤ ਵਿਭਾਗ ਪੂਰੀ ਤਰਾਂ ਚੌਕਸ ਹੈ ਅਤੇ ਡੇਂਗੂ ਦੀ ਰੋਕਥਾਮ ਸੰਬਧੀ ਜਿਲ੍ਹੇ ਭਰ ਵਿਚ ਡੇਂਗੂ ਵਾਰਡਾਂ ਤਿਆਰ ਕੀਤੀਆਂ ਗਈਆਂ ਹਨ। ਜਿਨਾ ਵਿੱਚ ਸਿਵਲ ਹਸਪਤਾਲ ਅੰਮ੍ਰਿਤਸਰ, ਹਰੇਕ ਸਬ ਡਜਿਵੀਜਨਲ ਹਸਪਤਾਲਾਂ ਅਤੇ ਹਰੇਕ ਬਲਾਕ ਪੱਧਰ ਤੇ ਵੀ ਡੇਂਗੂ ਵਾਰਡਾਂ ਬਣਾਈਆਂ ਗਈਆ ਹਨ। ਐਂਟੀ ਲਾਰਵਾ ਵਿੰਗ ਵਿਚ 15 ਟੀਮਾਂ ਕੰਮ ਕਰ ਰਹੀਆ ਜੋ ਕਿ ਰੋਜਾਨਾਂ ਸ਼ਹਿਰ ਦੇ ਅਲੱਗ-ਅੱਲਗ ਹਿੱਸਿਆਂ ਵਿਚ ਖਾਸ ਕਰਕੇ ਹੋਟਸਪੋਟ ਖੇਤਰਾਂ ਵਿਚ ਜਾ ਕੇ ਐਂਟੀਲਾਰਵਾ ਗਤੀਵਿਧੀਆ ਕਰ ਰਹੀਆਂ ਹਨ। ਇਸਤੋਂ ਇਲਾਵਾ ਸਾਰੇ ਪ੍ਰਾਇਵੇਟ ਹਸਪਤਾਲਾਂ ਅਤੇ ਲੈਬੋਰਟਰੀਆਂ ਨੂੰ ਅਗਾਹ ਕੀਤਾ ਜਾ ਚੁੱਕਿਆ ਹੈ ਕਿ ਕੋਈ ਵੀ ਕੇਸ ਸਾਹਮਣੇ ਆਉਣ ਤੇ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ। ਇਸ ਮੋਕੇ ਤੇ ਜਿਲਾ੍ਹ ਐਮ.ਈ.ਆਈ.ਓ. ਅਮਰਦੀਪ ਸਿੰਘ, ਐਸ.ਆਈ. ਗਰਦੇਵ ਸਿੰਘ, ਐਸ.ਆਈ. ਸੁਖਦੇਵ ਸਿੰਘ, ਸਮੂਹ ਫੀਲਡ ਵਰਕਰ, ਬ੍ਰੀਡਿੰਗ ਕੈਚਰ ਅਤੇ ਐਂਟੀ ਲਾਰਵਾ ਸਟਾਫ ਹਾਜਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਧੰਨ ਮਾਤਾ ਗੁਜਰੀ ਜੀ
ਸ਼ਹੀਦ ਪਤੀ (ਗੁਰੂ ਤੇਗ ਬਹਾਦੁਰ ਜੀ)ਦੀ ਪਤਨੀ।
ਸ਼ਹੀਦ ਸਪੁਤ੍ਰ(ਗੁਰੂ ਗੋਬਿੰਦ ਸਿੰਘ ਜੀ)ਜੀ ਦੇ ਮਾਂ ਜੀ।
ਸ਼ਹੀਦ ਪੋਤਰਿਆਂ(ਚਾਰ ਸਾਹਿਬਜ਼ਾਦੇ)ਦੀ ਦਾਦੀ ਜੀ।
ਸ਼ਹੀਦ ਭਰਾ(ਮਾਮਾ ਕ੍ਰਿਪਾਲ ਚੰਦ ਜੀ)ਦੇ ਭੈਣ ਜੀ।
ਸ਼ਹੀਦ ਪੰਜ ਭਰਾ(ਭਾਈ ਸੰਘੋਸ਼ਾਹ ਜੀ,ਭਾ:ਗੁਲਾਬ ਚੰਦ ਜੀ,
ਭਾ:ਜਤੀ ਮੱਲ ਜੀ,ਭਾ:ਗੰਗਾ ਰਾਮ ਜੀ,ਭਾ:ਮਾਹਰੀ ਚੰਦ ਜੀ)
ਬੀਬੀ ਵੀਰੋ ਜੀ ਦੇ ਪੁੱਤਰਾਂ ਦੇ ਮਾਮੀ ਜੀ।
ਪਹਿਲੀ ਸ਼ਹੀਦ ਗੁਰੂ ਪਤਨੀ।
ਪਹਿਲੀ ਸ਼ਹੀਦ ਗੁਰੂ ਮਾਤਾ ਜੀ।
ਸਿੱਖ ਕੌਮ ਦੀ ਪਹਿਲੀ ਸ਼ਹੀਦ ਇਸਤਰੀ ਧੰਨ ਧੰਨ ਮਾਤਾ
ਗੁਜਰੀ ਜੀ (ਗੁਜਰ ਕੌਰ ਜੀ) ਜੀ ਦੀ ਜਨਮ ਸ਼ਤਾਬਦੀ ਦੀ
ਬਹੁਤ ਬਹੁਤ ਵਧਾਈ ਜੀ।
ਗਿਆਨੀ ਪਿੰਦਰਪਾਲ ਸਿੰਘ

# ਕਾਂਝਲਾ ਅਤੇ ਬੇਨੜਾ ਕਾਂਗਰਸ ਕਿਸਾਨ ਵਿੰਗ ਬਲਾਕ ਧੂਰੀ ਦੇ ਬਣੇ ਪ੍ਰਧਾਨ

## ਕਾਂਗਰਸ ਪਾਰਟੀ ਦੀ ਮਜਬੂਤੀ ਲਈ ਬਲਾਕ ਪ੍ਰਧਾਨਾਂ ਦਾ ਹਰ ਪੱਖ ਤੋਂ ਸਹਿਯੋਗ ਕੀਤਾ ਜਾਵੇਗਾ: ਸਰਪੰਚ ਹਰਦੀਪ ਸਿੰਘ ਦੌਲਤਪੁਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕਿਸਾਨ ਵਿੰਗ ਕਾਂਗਰਸ ਆਲ ਇੰਡੀਆ ਦੇ ਚੇਅਰਮੈਨ ਸ, ਸੁਖਪਾਲ ਸਿੰਘ ਖਹਿਰਾ, ਪੰਜਾਬ ਪ੍ਰਧਾਨ ਕਿਸਾਨ ਕਾਂਗਰਸ ਕਿਰਨਜੀਤ ਸਿੰਘ ਮਿੱਠਾ, ਜਰਨਲ ਸੈਕਟਰੀ ਪੰਜਾਬ ਸ, ਸੰਤੋਖ ਸਿੰਘ ਬੁੱਗਾ ਅਤੇ ਧੂਰੀ ਵਿਧਾਨ ਸਭਾ ਹਲਕੇ ਦੇ ਇੰਚਾਰਜ ਲਈ ਪ੍ਰਮੁੱਖ ਦਾਅਵੇਦਾਰ ਸਰਪੰਚ ਹਰਦੀਪ ਸਿੰਘ ਦੌਲਤਪੁਰ ਦੇ ਉੱਦਮ ਸਦਕਾ ਕਾਂਗਰਸ ਕਿਸਾਨ ਵਿੰਗ ਬਲਾਕ ਧੂਰੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਅਤੇ ਕਾਂਗਰਸ ਕਿਸਾਨ ਵਿੰਗ ਧੂਰੀ ਸ਼ਹਿਰ ਦੇ ਹਰਦੀਪ ਸਿੰਘ ਬੇਨੜਾ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਰਪੰਚ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਕਿ ਧੂਰੀ ਹਲਕੇ ਦੇ ਨਿਯੁਕਤ ਕੀਤੇ ਗਏ ਕਿਸਾਨ ਵਿੰਗ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਦੇ ਲਈ ਦਿਨ ਰਾਤ ਇੱਕ ਕਰਕੇ ਸੇਵਾ ਕਰਨਗੇ। ਅਸੀਂ ਇਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਜਿਥੇ ਪਾਰਟੀ ਦੀ ਸੇਵਾ ਵਿੱਚ ਬਣਦਾ ਯੋਗਦਾਨ ਪਾਵਾਂਗੇ, ਉਥੇ ਬਲਾਕ ਪ੍ਰਧਾਨਾਂ ਨੂੰ ਹਰ ਪੱਖ ਤੋਂ ਸਹਿਯੋਗ ਦਿੱਤਾ ਜਾਵੇਗਾ।

## ਮਾਤਾ ਗੁਜਰ ਕੌਰ ਜੀ ਦੀ

# 400 ਸਾਲਾ ਜਨਮ ਸ਼ਤਾਬਦੀ ਪੰਥਕ ਜਾਹੋ-ਜਲਾਲ ਨਾਲ ਮਨਾਈ



**ਨਵੀਂ ਦਿੱਲੀ, 22 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਤ ਮਾਤਾ ਗੁਜਰ ਕੌਰ ਜੀ ਦੇ 400 ਸਾਲਾ ਜਨਮ ਦਿਹਾੜੇ ਦੀ ਸ਼ਤਾਬਦੀ ਦੇ ਸਮਾਗਮ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਕਰਤਾਰਪੁਰ ਵਿਖੇ ਪੰਥਕ ਜਾਹੋ-ਜਲਾਲ ਨਾਲ ਸੰਪੂਰਨ ਹੋਏ। ਸ਼੍ਰੋਮਣੀ ਕਮੇਟੀ ਵੱਲੋਂ ਆਯੋਜਤ ਕੀਤੇ ਗਏ ਸ਼ਤਾਬਦੀ ਦੇ ਮੁੱਖ ਸਮਾਗਮ ਦੌਰਾਨ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਦਲ ਪੰਥ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਪਦਮਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਸਮੇਤ ਪ੍ਰਮੁੱਖ ਪੰਥਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਮਾਤਾ ਗੁਜਰ ਕੌਰ ਜੀ ਦੇ ਜੀਵਨ ਅਤੇ ਕੁਰਬਾਨੀ ਦੀ ਸੇਧ ਵਿਚ ਸਿੱਖ ਜਗਤ ਨੂੰ ਆਦਰਸ਼ਕ ਜੀਵਨ ਜਾਚ ਦੇ ਧਾਰਨੀ ਬਣਨ ਦੀ ਪ੍ਰੇਰਣਾ ਕੀਤੀ। ਬੁਲਾਰਿਆਂ ਨੇ ਵਿਸ਼ੇਸ਼ ਕਰਕੇ ਸਿੱਖ ਮਾਵਾਂ ਨੂੰ ਮਾਤਾ ਗੁਜਰ ਕੌਰ ਜੀ ਦੇ ਅਦੁੱਤੀ ਜੀਵਨ ਤੋਂ ਪ੍ਰੇਰਨਾ ਲੈ ਕੇ ਆਪਣੇ ਬੱਚਿਆਂ ਦੀ ਸੰਸਾਰੀ ਅਤੇ ਆਤਮਿਕ ਪਰਵਰਿਸ਼ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

### ਮਾਤਾ ਗੁਜਰ ਕੌਰ ਜੀ ਦੇ ਜੀਵਨ ਆਦਰਸ਼ਾਂ ਅਨੁਸਾਰ ਤਰਜੀਹਾਂ ਨਿਰਧਾਰਤ ਕਰੇ ਸਿੱਖ ਕੌਮ- ਐਡਵੋਕੇਟ ਧਾਮੀ

ਸਮਾਗਮ ਦੌਰਾਨ ਸੰਬੋਧਨ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਮਾਤਾ ਗੁਜਰ ਕੌਰ ਜੀ ਉਹ ਮਹਾਨ ਸ਼ਖ਼ਸੀਅਤ ਸਨ ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਸ਼ਖ਼ਸੀਅਤ ਨਿਖਾਰਨ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਬਾਲ ਉਮਰੇ ਆਪਣੇ ਅਕੀਦੇ ਉੱਪਰ ਕਾਇਮ ਰਹਿੰਦਿਆਂ ਵੱਡੀ ਸ਼ਹਾਦਤ ਦੇਣ ਲਈ ਦ੍ਰਿੜ੍ਹ ਕੀਤਾ।ਉਨ੍ਹਾਂ ਕਿਹਾ ਕਿ ਅੱਜ ਸੰਸਾਰ ਧਰਮ ਨਿਰਪੇਖਤਾ ਤੇ ਜਮਹੂਰੀਅਤ ਦੀ ਗੱਲ ਕਰਦਾ ਹੈ, ਪਰ ਮਾਤਾ ਗੁਜਰੀ ਜੀ ਦੇ ਸਪੁੱਤਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਵਿਚ ਖਾਲਸੇ ਦੀ ਸਾਜਨਾ ਕਰਕੇ ਵਿਸ਼ਵ ਦਾ ਅਦੁੱਤੀ ਇਨਕਲਾਬ ਲਿਆਂਦਾ, ਜਿਸ ਵਿਚ ਮਨੁੱਖੀ ਬਰਾਬਰੀ, ਭਰਾਤਰੀ ਭਾਵ ਅਤੇ ਜਮਹੂਰੀਅਤ ਦੀ ਸਿਖ਼ਰ ਦਾ ਪ੍ਰਗਟਾਵਾ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਇਸ ਗੱਲ ਦੀ ਵੱਡੀ ਲੋੜ ਹੈ ਕਿ ਸਿੱਖ ਕੌਮ ਮਾਤਾ ਗੁਜਰ ਕੌਰ ਜੀ ਦੇ ਜੀਵਨ ਆਦਰਸ਼ਾਂ ਅਨੁਸਾਰ ਤਰਜ਼ੀਹਾਂ ਨਿਰਧਾਰਤ ਕਰੇ। ਉਨ੍ਹਾਂ ਸੋਸ਼ਲ ਮੀਡੀਆ 'ਤੇ ਸਿੱਖ ਵਿਰੋਧੀ ਵਰਤਾਰੇ ਦੀ ਵੀ ਕਰੜੀ ਅਲੋਚਨਾ ਕਰਦਿਆਂ ਕਿਹਾ ਕਿ ਪੰਥ ਵਿਰੋਧੀਆਂ ਵੱਲੋਂ ਸੋਸ਼ਲ ਮੀਡੀਆ ਦੀ ਦੁਰਵਰਤੋਂ ਕਰਕੇ ਸਿੱਖ ਕੌਮ ਦੀ ਅੱਡਰੀ ਹੋਂਦ ਹਸਤੀ ਨੂੰ ਰਲਗੱਡ ਕਰਨ ਦੀਆਂ ਸਾਜ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕੌਮ ਨੂੰ ਅਜਿਹੇ ਹਮਲਿਆਂ ਤੋਂ ਸੁਚੇਤ ਹੋਣ ਲਈ ਕਿਹਾ।

ਇਸੇ ਦੌਰਾਨ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਖਿਆ ਕਿ ਮਾਤਾ ਗੁਜਰ ਕੌਰ ਸਬਰ, ਸਿਦਕ, ਸਹਿਣਸ਼ੀਲਤਾ ਦਾ ਮਹਾਨ ਸੋਮਾ ਅਤੇ ਵਿਸ਼ਾਲ ਜਿਗਰੇ ਵਾਲੇ ਸਨ, ਜਿਨ੍ਹਾਂ ਦੀ ਕੁਖੋਂ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਕਾਸ਼ਮਾਨ ਹੋਏ। ਉਨ੍ਹਾਂ ਆਖਿਆ ਕਿ ਇਹ ਅਦਰਸ਼ਕ ਸ਼ਖ਼ਸੀਅਤ ਹਰ ਮਾਂ ਲਈ ਪ੍ਰੇਰਣਾ ਸਰੋਤ ਬਣਨੀ ਚਾਹੀਦੀ ਹੈ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਪੰਥ ਦੀ ਮਜ਼ਬੂਤੀ ਲਈ ਇਕਜੁਟ ਹੋਣ ਦਾ ਵੀ ਸੱਦਾ ਦਿੱਤਾ। ਉਨ੍ਹਾਂ ਕਿਹ ਕਿ ਪੰਥ ਨੂੰ ਧਾਰਮਿਕ ਤੇ ਰਾਜਸੀ ਤੌਰ 'ਤੇ ਕਮਜ਼ੋਰ ਕਰਨ ਦੀਆਂ ਸਾਜ਼ਿਸ਼ਾਂ ਤੋਂ ਚੇਤੰਨ ਰਹਿਣਾ ਜ਼ਰੂਰੀ ਹੈ। ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਗੱਲ ਕਰਦਿਆਂ ਕਿਹਾ ਕਿ ਇਹ ਇਕ ਇਮਾਰਤ ਨਹੀਂ, ਸਗੋਂ ਇਕ ਸਿਧਾਂਤ ਹੈ। ਇਮਾਰਤ ਨੂੰ ਤਾਂ ਢਾਹਿਆ ਜਾ ਸਕਦਾ ਹੈ, ਲੇਕਿਨ ਸਿਧਾਂਤ ਅਤੇ ਸੰਕਲਪ ਮੇਟੇ ਨਹੀਂ ਜਾ ਸਕਦੇ। ਉਨ੍ਹਾਂ ਕਿਹਾ ਕਿ ਏਸੇ ਕਰਕੇ ਹੀ ਦੁਸ਼ਮਣਾਂ ਦੀ ਸਦਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕਮਜ਼ੋਰ ਕਰਨ ਦੀ ਤਾਕ ਰਹਿੰਦੀ ਹੈ। ਅਬਦਾਲੀ ਅਤੇ ਇੰਦਰਾ ਵੀ ਇਸੇ ਭੁੱਲ ਵਿਚ ਹੀ ਰਹੇ। ਉਨ੍ਹਾਂ ਕੌਮ ਨੂੰ ਆਪਣੀਆਂ ਸੰਸਥਾਵਾਂ ਦੇ ਸਿਧਾਂਤ ''ਤੇ ਪਹਿਰਾ ਦੇਣ ਲਈ ਕਿਹਾ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਦਲ ਪੰਥ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਤੇਜਾ ਸਿੰਘ ਖੁਡਾ ਕੁਰਾਲਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਰਣਜੀਤ ਸਿੰਘ ਕਾਹਲੋਂ ਅਤੇ ਗਿਆਨੀ ਭਗਵਾਨ ਸਿੰਘ ਜੌਹਲ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਸਮਾਗਮ ਦੌਰਾਨ ਕਵੀਸ਼ਰ ਗਿਆਨੀ ਗੁਰਮੁੱਖ ਐਮ.ਏ. ਦੀ ਪੁਸਤਕ ਵੀ ਰੀਲੀਜ਼ ਕੀਤੀ ਗਈ ਅਤੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਨਮਾਨਿਤ ਕੀਤਾ। ਵਿਸ਼ੇਸ਼ ਕਰਕੇ ਸਮਾਜ ਸੇਵਾ ਦੇ ਖੇਤਰ ਵਿਚ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਬੀਬੀਆਂ ਨੂੰ ਵੀ ਸਨਮਾਨ ਦਿੱਤੇ ਗਏ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਪੰਥ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰ-ਇਤਿਹਾਸ ਨਾਲ ਜੋੜਿਆ।

## ਜਗਜੀਤ ਸਿੰਘ ਡੱਲੇਵਾਲ

# 26 ਨਵੰਬਰ ਨੂੰ ਖੌਨਰੀ ਬਾਰਡਰ ਤੇ ਮਰਨ ਵਰਤ ਤੇ ਬੈਠਣਗੇ





ਫਿਰੋਜ਼ਪੁਰ 22 ਨੰਵਬਰ ( ਸੁਖਮੰਦਰ ਸਿੰਘ ਸ਼ਾਤ)ਪ੍ਰਧਾਨ ਅਠਵਾਲ ਪ੍ਰਧਾਨ ਗਿੱਲ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਖਿਲਾਫ ਜਥੇਦਾਰ ਜਗਜੀਤ ਸਿੰਘ ਡੱਲੇਵਾਲ ਜਗਜੀਤ ਸਿੰਘ 26 ਨਵੰਬਰ ਨੂੰ ਖੌਨਰੀ ਬਾਰਡਰ ਤੇ ਮਰਨ ਵਰਤ ਤੇ ਬੈਠਣਗੇ ਇਹ ਗੱਲ ਦਾ ਪ੍ਰਗਟਾਵਾ ਕਿਸਾਨ ਯੂਥ ਵਿੰਗ ਪੰਜਾਬ ਦੇ ਸੂਬਾ ਪ੍ਰਧਾਨ ਸ਼ਮਸ਼ੇਰ ਸਿੰਘ ਅਠਵਾਲ ਅਤੇ ਕਿਸਾਨ ਯੂਥ ਵਿੰਗ ਪੰਜਾਬ ਦੇ ਜ਼ਿਲ੍ਹਾ ਫਿਰੋਜਪੁਰ ਦੇ ਪ੍ਰਧਾਨ ਗੁਰਦੇਵ ਸਿੰਘ ਗਿੱਲ ਨੇ ਸਾਫ ਬਿਆਨ ਵਿੱਚ ਕੀਤਾ ਉਨਾਂ ਨੇ ਕਿਹਾ 25 ਨਵੰਬਰ ਨੂੰ ਕਿਸਾਨਾਂ ਦੇ ਜੱਥੇ ਖੌਨਰੀ ਬਾਰਡਰ ਨੂੰ ਜਾਣਗੇ ਉਹਨਾਂ ਕਿਹਾ ਕਿ ਕਿਸਾਨਾਂ ਦੇ ਜਥੇ ਲੜੀਵਾਰ ਖੌਨਰੀ ਬਾਰਡਰ ਤੇ ਜਾਂਦੇ ਰਹਿਣਗੇ ਉਹਨਾਂ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦਾ ਖੁਦ ਕਹਿਣਾ ਸੀ ਕੀ ਕਿ ਮਰਨ ਵਰਤ ਦੌਰਾਨ ਜੇ ਉਨਾਂ ਦੀ ਮੌਤ ਹੋ ਜਾਂਦੀ ਹੈ ਤਾਂ ਉਹਨਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਨਹੀਂ ਕਰਨਗੇ ਤੇ ਉਸ ਤੋਂ ਬਾਅਦ ਅਗਲਾ ਆਗੂ ਮਰਨ ਵਰਤ ਦੀ ਲੜੀ ਉਦੋਂ ਤੱਕ ਚਲਦੀ ਰਹੇਗੀ ਜਦ ਤੱਕ ਸਰਕਾਰ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਪ੍ਰਵਾਨ ਨਹੀਂ ਕਰ ਲੈਂਦੀ ਜ਼ਿਕਰ ਜੋਗ ਹੈ ਕੀ ਦਿੱਲੀ ਦੀਆਂ ਬਰੂਹਾਂ ਤੇ ਚਲਦੇ ਕਿਸਾਨ ਮੋਰਚੇ ਦੌਰਾਨ ਪ੍ਰਵਾਣ ਕੀਤੀਆਂ ਗਈਆਂ ਮੰਗਾਂ ਨੂੰ ਲਾਗੂ ਕਰਵਾਉਣ ਦੇ ਮਨੋਰਥ ਨਾਲ ਜਦੋਂ ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਅਤੇ ਕਿਸਾਨ ਮਜ਼ਦੂਰ ਮੋਰਚੇ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਵੱਲੋਂ ਸ਼ੰਬੂ ਅਤੇ ਖੌਨਰੀ ਬਾਰਡਰਾਂ ਤੇ ਜਬਰਦਸਤ ਬੈਰੀਕੇਟ ਕਰਕੇ ਕਿਸਾਨਾਂ ਨੂੰ ਅਗਾਂਹ ਵੱਧਣ ਤੋਂ ਰੋਕ ਲਿਆ ਸੀ ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ 26 ਨਵੰਬਰ ਨੂੰ ਵੱਧ ਤੋਂ ਵੱਧ ਖੌਨਰੀ ਬਾਰਡਰ ਤੇ ਪਹੁੰਚੋ।

## ਸਰਕਾਰੀ ਪ੍ਰਾਇਮਰੀ ਸਕੂਲ ਜਵਾਹਰਕੇ ਦੇ ਬੱਚਿਆਂ ਨੇ ਬਠਿੰਡਾ ਰੇਡੀਓ ਵਿਖੇ ਕੀਤਾ ਪ੍ਰੋਗਰਾਮ 'ਨਿੱਕੇ ਨਿੱਕੇ ਤਾਰੇ'




**ਤਲਵੰਡੀ ਸਾਬੋ, 22 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਸਰਕਾਰੀ ਪ੍ਰਾਇਮਰੀ ਸਕੂਲ ਜਵਾਹਰਕੇ ਦੇ ਬੱਚਿਆਂ ਨੇ ਅਕਾਸ਼ਵਾਣੀ ਬਠਿੰਡਾ ਰੇਡੀਓ ਸਟੇਸ਼ਨ ਤੇ ਬੱਚਿਆਂ ਨੇ ਬੱਚਿਆਂ ਦੇ ਵਿਸ਼ੇਸ਼ ਪ੍ਰੋਗਰਾਮ ਨਿੱਕੇ ਨਿੱਕੇ ਤਾਰੇ ਵਿੱਚ ਸ਼ਿਰਕਤ ਕੀਤੀ ਪ੍ਰੋਗਰਾਮ ਵਿੱਚ ਬੱਚਿਆਂ ਨੇ ਪੰਜਾਬੀ ਸਭਿਆਚਾਰ ਦੀਆਂ ਵੱਖ-ਵੱਖ ਵੰਨਗੀਆਂ, ਟੱਪੇ, ਲੋਹੜੀ, ਘੋੜੀਆਂ, ਸੁਹਾਗ, ਕਵਿਸ਼ਰੀ, ਬੋਲੀਆਂ ਗਾ ਕੇ ਪ੍ਰੋਗਰਾਮ ਵਿੱਚ ਰੰਗ ਬੰਨਿਆ ਅਤੇ ਪੰਜਾਬੀ ਸੱਭਿਆਚਾਰ ਦੀ ਝਲਕ ਨੂੰ ਮੁੜ ਸੁਰਜੀਤ ਕੀਤਾ। ਪ੍ਰੋਗਰਾਮ ਦੀ ਮੇਜਬਾਨੀ ਆਰ ਜੇ ਸ੍ਰੀ ਮਨਦੀਪ ਰਜੌਰਾ ਜੀ ਨੇ ਕੀਤੀ। ਪ੍ਰੋਗਰਾਮ ਦੌਰਾਨ ਪੰਜਵੀਂ ਜਮਾਤ ਦੇ ਦੀ ਵਿਦਿਆਰਥਣ ਸ਼ੁਭਮਪ੍ਰੀਤ ਕੌਰ ਨੇ ਦੱਸਿਆ ਕੇ ਉਹ ਭਵਿੱਖ ਵਿੱਚ ਜੱਜ ਅਤੇ ਖੁਸ਼ਪ੍ਰੀਤ ਕੌਰ ਨੇ ਦੱਸਿਆ ਕਿ ਉਹ ਭਵਿੱਖ ਵਿਚ ਆਈ ਏ ਐਸ ਅਫਸਰ ਬਣ ਸਕੂਲ ਅਤੇ ਮਾਪਿਆਂ ਦਾ ਨਾ ਰੌਸ਼ਨ ਕਰਨਾ ਚਾਹੁੰਦੀਆਂ ਹਨ। ਨੈਨਸੀ ਸੋਨੀ ਨੇ ਪ੍ਰੋਗਰਾਮ ਦੌਰਾਨ ਪੰਜਾਬ ਸਬੰਧੀ ਜਾਣਕਾਰੀ ਦਿਤੀ। ਹਰਗੁਣ ਕੌਰ ਨੇ ਸਤਿਕਾਰ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਮਨਦੀਪ ਕੌਰ ਨੇ ਸੁਹਾਗ ਅਤੇ ਸ਼ੁਭਮਪ੍ਰੀਤ ਕੌਰ ਨੇ ਘੋੜੀਆ ਗਾ ਕੇ ਰੰਗ ਬੰਨ੍ਹਿਆ ਪ੍ਰਨੀਤ ਕੌਰ ਨੇ ਟੱਪੇ ਅਤੇ ਸ਼ਗਨ ਦੀਪ ਨੇ ਬੋਲੀਆਂ ਖੁਸ਼ਪ੍ਰੀਤ ਕੌਰ ਨੇ ਲੋਰੀ ਗਾਈ। ਪ੍ਰੋਗਰਾਮ ਦੀ ਵਿਸ਼ੇਸ਼ ਤਿਆਰੀ ਜਗਤਾਰ ਲਾਡੀ ਜੀ ਨੇ ਕਰਵਾਈ। ਅਕਾਸ਼ਵਾਣੀ ਬਠਿੰਡਾ ਤੇ ਪ੍ਰੋਗਰਾਮ ਦੀ ਪੇਸ਼ਕਸ਼ ਕਰਨਾ ਬੱਚਿਆਂ ਲਈ ਨਵੇਕਲਾ ਅਨੁਭਵ ਸੀ। ਪ੍ਰੋਗਰਾਮ ਸਮੇਂ ਆਰ ਜੇ ਮਨਦੀਪ ਰਜੌਰਾ, ਜਗਤਾਰ ਲਾਡੀ, ਲੋਕੇਸ਼ ਕੁਮਾਰ, ਨੈਨਸੀ, ਸ਼ੁਭਮਪ੍ਰੀਤ, ਖੁਸ਼ਪ੍ਰੀਤ, ਸ਼ਗਨਦੀਪ, ਪ੍ਰਨੀਤ ਹਰਗੁਣ, ਮਨਦੀਪ ਕੌਰ ਅਨਮੋਲ ਮੌਜੂਦ ਸਨ। ਪ੍ਰੋਗਰਾਮ ਦੀ ਸਮਾਪਤੀ ਤੋਂ ਬਾਅਦ ਲੋਕੇਸ਼ ਕੁਮਾਰ ਅਤੇ ਜਗਤਾਰ ਲਾਡੀ ਨੇ ਅਕਾਸ਼ਵਾਣੀ ਬਠਿੰਡਾ ਦੀ ਸਮੁਚੀ ਟੀਮ, ਆਰ ਜੇ ਮਨਦੀਪ ਰਜੌਰਾ ਅਤੇ ਪ੍ਰੋਗਰਾਮ ਇੰਚਾਰਜ ਬਲਜੀਤ ਸ਼ਰਮਾ ਜੀ ਦਾ ਬੱਚਿਆਂ ਨੂੰ ਰੇਡੀਓ ਸਟੇਸ਼ਨ ਤੇ ਪੇਸ਼ਕਾਰੀ ਕਰਨ ਲਈ ਮੌਕਾ ਦੇਣ 'ਤੇ ਧੰਨਵਾਦ ਕੀਤਾ। ਆਉਣ ਵਾਲੇ ਕੁੱਝ ਦਿਨਾਂ ਵਿਚ ਹੀ ਇਹ ਪ੍ਰੋਗਰਾਮ ਅਕਾਸ਼ਵਾਣੀ ਬਠਿੰਡਾ ਦੇ ਮਾਧਿਅਮ ਨਾਲ ਦੇਸ਼ ਵਿਦੇਸ਼ਾਂ ਵਿੱਚ ਸੁਣਾਈ ਦੇਵੇਗਾ ਜੋ ਕਿ ਇੰਨਾ ਛੋਟੇ ਛੋਟੇ ਬੱਚਿਆਂ ਸਰਕਾਰੀ ਪ੍ਰਾਇਮਰੀ ਸਕੂਲ ਜਵਾਹਰਕੇ ਲਈ ਬੜੀ ਮਾਣ ਵਾਲੀ ਗੱਲ ਹੈ।

## ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪੰਥ ਦਾ ਸਰਮਾਇਆ ਜਿਸ ਨੂੰ ਦਿੱਲੀ ਕਮੇਟੀ ਸੁਚੱਜੇ ਢੰਗ ਨਾਲ ਚਲਾ ਰਹੀ ਹੈ ਤੇ ਚਲਾਉਂਦੀ ਰਹੇਗੀ: ਕਾਲਕਾ, ਕਾਹਲੋਂ

### ਦਿੱਲੀ ਪਬਲਿਕ ਸਕੂਲ ਚਲਾਉਣ ਵਾਲੀ ਕਮੇਟੀ ਵੱਲੋਂ ਸਕੂਲ ਸੰਭਾਲਣ ਦੀ ਪੇਸ਼ਕਸ਼ ਕਰਨ ਦੀ ਖਬਰ ਬੇਬੁਨਿਆਦ, ਝੂਠੀ ਤੇ ਨਿਰਾਧਾਰ



**ਨਵੀਂ ਦਿੱਲੀ, 22 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਮੇਟੀ ਵੱਲੋਂ ਚਲਾਏ ਜਾ ਰਹੇ 12 ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਚਲਾਉਣ ਬਾਰੇ ਦਿੱਲੀ ਪਬਲਿਕ ਸਕੂਲ ਚਲਾਉਣ ਵਾਲੀ ਕਮੇਟੀ ਵੱਲੋਂ ਸੰਭਾਲਣ ਦੀ ਪੇਸ਼ਕਸ਼ ਕਰਨ ਦੀਆਂ ਖਬਰਾਂ ਦਾ ਗੰਭੀਰ ਨੋਟਿਸ ਲੈਂਦਿਆਂ ਇਸ ਖਬਰ ਨੂੰ ਬੇਬੁਨਿਆਦ, ਝੂਠੀ ਤੇ ਨਿਰਾਧਾਰ ਕਰਾਰ ਦਿੱਤਾ ਹੈ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾ ਕਾਹਲੋਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਚਲਾ ਰਹੀ ਹੈ ਤੇ ਇਸ ਵਿਚ ਪਿਛਲੇ ਸਮੇਂ ਦੌਰਾਨ ਸਰਨਾ ਭਰਾਵਾਂ ਦੇ ਕਾਰਜਕਾਲ ਦੌਰਾਨ ਆਈਆਂ ਖਾਮੀਆਂ ਦੂਰ ਕਰਨ ਵਾਸਤੇ ਪੁਰਜ਼ੋਰ ਯਤਨ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਅੱਜ ਵੀ ਕਮੇਟੀ ਦੀ ਮੌਜੂਦਾ ਟੀਮ ਦੇ ਸਿਆਸੀ ਵਿਰੋਧੀ ਅਜਿਹੀਆਂ ਬੇਬੁਨਿਆਦ ਖਬਰਾਂ ਲਗਵਾ ਕੇ ਸੰਗਤ ਨੂੰ ਭੁਲੇਖਿਆਂ ਵਿਚ ਪਾਉਣਾ ਚਾਹੁੰਦੇ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸੰਗਤ ਦਾ ਸਰਮਾਇਆ ਹਨ ਤੇ ਇਹਨਾਂ ਨੂੰ ਸੁਚੱਜੇ ਢੰਗ ਨਾਲ ਚਲਾਉਣਾ ਸਾਡੀ ਜ਼ਿੰਮੇਵਾਰੀ ਹੈ ਤੇ ਅਸੀਂ ਪੂਰੀ ਤਨਦੇਹੀ ਨਾਲ ਇਹ ਜ਼ਿੰਮੇਵਾਰੀ ਨਿਭਾ ਰਹੇ ਹਾਂ। ਉਹਨਾਂ ਕਿਹਾ ਕਿ ਸੰਗਤ ਨੂੰ ਵੀ ਸਿਆਸੀ ਵਿਰੋਧੀਆਂ ਦੀਆਂ ਕੋਝੀਆਂ ਚਾਲਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ ਜੋ ਹਰ ਥੋੜ੍ਹੇ ਦਿਨਾਂ ਮਗਰੋਂ ਕੋਈ ਨਾ ਕੋਈ ਹੱਥਕੰਡਾ ਵਰਤ ਕੇ ਕਮੇਟੀ ਅਤੇ ਕਮੇਟੀ ਅਧੀਨ ਚਲਦੇ ਸਕੂਲਾਂ ਤੇ ਹੋਰ ਅਦਾਰਿਆਂ ਬਾਰੇ ਗੁੰਮਰਾਹਕੁੰਨ ਪ੍ਰਚਾਰ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਿੱਲੀ ਦੇ ਉਪ ਰਾਜਪਾਲ ਨੇ ਨਵੰਬਰ 1984 ਦੇ ਸਿੱਖ ਕਤਲੇਆਮ ਦਾ ਸ਼ਿਕਾਰ ਹੋਏ ਪੀੜਤ ਪਰਿਵਾਰਾਂ ਦੇ

# 47 ਮੈਂਬਰਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਦਿੱਤੇ





ਨਵੀਂ ਦਿੱਲੀ 22 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):– ਨਵੰਬਰ 1984 ਦੇ ਸਿੱਖ ਕਤਲੇਆਮ ਦਾ ਸ਼ਿਕਾਰ ਹੋਏ ਪੀੜਤ ਪਰਿਵਾਰਾਂ ਦੇ 47 ਮੈਂਬਰਾਂ ਨੂੰ ਭਰਤੀ ਯੋਗਤਾ ਵਿੱਚ ਢਿੱਲ ਦੇਣ ਤੋਂ ਬਾਅਦ ਬੀਤੇ ਦਿਨ ਦਿੱਲੀ ਦੇ ਉਪ ਰਾਜਪਾਲ ਵਲੋਂ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪੇ ਗਏ। ਇਹ ਪੱਤਰ ਦਿੱਲੀ ਦੇ ਉਪ ਰਾਜਪਾਲ (ਦਿੱਲੀ ਐਲ.ਜੀ.) ਵੀ.ਕੇ. ਸਕਸੈਨਾ ਨੇ ਖੁਦ ਪੀੜਤ ਪਰਿਵਾਰਾਂ ਦੇ ਮੈਂਬਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਸਨ। ਪੱਛਮੀ ਦਿੱਲੀ ਦੇ ਤਿਲਕ ਨਗਰ ਵਿੱਚ ਸਥਿਤ 1984 ਦੇ ਸਿੱਖ ਕਤਲੇਆਮ ਨਾਲ ਪੀੜਤ ਪਰਿਵਾਰਾਂ ਦੀ ਕਲੋਨੀ, ਸੀ ਬਲਾਕ ਤਿਲਕ ਵਿਹਾਰ ਪਾਰਕ ਵਿੱਚ 47 ਪੀੜਤਾਂ ਨੇ ਸਰਕਾਰੀ ਨੌਕਰੀਆਂ ਲਈ ਜੁਆਇਨਿੰਗ ਪੱਤਰ ਪ੍ਰਾਪਤ ਕੀਤੇ। ਇਸ ਮੌਕੇ ਲੈਫਟੀਨੈਂਟ ਗਵਰਨਰ ਵੀ.ਕੇ ਸਕਸੈਨਾ ਨੇ ਸਬੰਧਤ ਵਿਭਾਗ ਨੂੰ 437 ਹੋਰ ਅਰਜ਼ੀਆਂ ਦੀ ਵੈਰੀਫਿਕੇਸ਼ਨ ਜਲਦੀ ਤੋਂ ਜਲਦੀ ਮੁਕੰਮਲ ਕਰਕੇ ਉਨ੍ਹਾਂ ਨੂੰ ਨਿਯੁਕਤੀ ਪੇਸ਼ਕਸ਼ ਪੱਤਰ ਦੇਣ ਦੇ ਹੁਕਮ ਦਿੱਤੇ। ਇਸ ਮੌਕੇ ਦਿੱਲੀ ਦੇ ਲੈਫਟੀਨੈਂਟ ਗਵਰਨਰ (ਦਿੱਲੀ ਐੱਲ.ਜੀ.) ਵੀ.ਕੇ ਸਕਸੈਨਾ ਨੇ ਕਿਹਾ ਕਿ ਇਨ੍ਹਾਂ ਪਰਿਵਾਰਾਂ ਲਈ ਇਹ ਸਿਰਫ ਨੌਕਰੀ ਨਹੀਂ ਹੈ, ਸਗੋਂ ਉਨ੍ਹਾਂ ਦੇ ਜੀਵਨ ਦੀ ਨਵੀਂ ਸ਼ੁਰੂਆਤ ਅਤੇ ਸਵੈ-ਮਾਣ ਦੀ ਵਾਪਸੀ ਦਾ ਪ੍ਰਤੀਕ ਹੈ। ਸਰਕਾਰ ਦੀ ਅਣਗਹਿਲੀ ਕਾਰਨ 40 ਸਾਲਾਂ ਦੀ ਦੇਰੀ ਤੋਂ ਬਾਅਦ ਅੱਜ ਇਨ੍ਹਾਂ ਪੀੜਤਾਂ ਨੂੰ ਨਿਯੁਕਤੀ ਪੱਤਰ ਪ੍ਰਦਾਨ ਕਰਨਾ ਤਸੱਲੀਬਖਸ਼ ਰਿਹਾ।

**ਸਰਕਾਰ ਨਾਲ ਚੰਗੇ ਸੰਬੰਧ ਬਣਾਏ ਜਾਣ ਤਾ ਬਹੁਤੇ ਕੰਮ ਕਰਵਾਏ ਜਾ ਸਕਦੇ ਹਨ : ਕਾਲਕਾ**

ਇਸ ਦੌਰਾਨ ਦਿੱਲੀ ਦੇ ਉਪ ਰਾਜਪਾਲ ਵੀਕੇ ਸਕਸੈਨਾ ਨੇ ਤਿਲਕ ਵਿਹਾਰ ਦੀ 'ਵਿਧਵਾ ਕਾਲੋਨੀ' ਦਾ ਸਥਾਨਕ ਲੋਕਾਂ ਦੀ ਇੱਛਾ ਅਨੁਸਾਰ ਨਾਂ ਬਦਲਣ ਦਾ ਐਲਾਨ ਵੀ ਕੀਤਾ।ਉਨ੍ਹਾਂ ਕਿਹਾ ਇਸ ਮੰਦਭਾਗੀ ਘਟਨਾ ਵਿੱਚ ਆਪਣੇ ਪਰਿਵਾਰਕ ਮੈਂਬਰਾਂ ਨੂੰ ਗੁਆਉਣ ਦਾ ਦਰਦ ਕਦੇ ਵੀ ਘੱਟ ਨਹੀਂ ਹੋ ਸਕਦਾ, ਪਰ ਪੀੜਤਾਂ ਪ੍ਰਤੀ ਹਮਦਰਦੀ ਅਤੇ ਹਮਦਰਦੀ ਨਾਲ ਉਹ ਜ਼ਖ਼ਮ ਜ਼ਰੂਰ ਭਰੇ ਜਾ ਸਕਦੇ ਹਨ। ਇਸ ਮੌਕੇ ਸਰਦਾਰ ਮਨਜਿੰਦਰ ਸਿੰਘ ਸਿਰਸਾ, ਦਿੱਲੀ ਕਮੇਟੀ ਦੇ ਸਕੱਤਰ ਜਗਦੀਪ ਸਿੰਘ ਕਾਹਲੋਂ, ਮੈਂਬਰ ਆਤਮਾ ਸਿੰਘ ਲੁਬਾਣਾ, ਅਮਰਜੀਤ ਸਿੰਘ ਪੱਪੂ, ਗੁਰਮੀਤ ਸਿੰਘ ਭਾਟੀਆ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ ।

ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਬੀਤੇ ਦਿਨ ਦਿੱਲੀ ਦੇ ਉਪਰਾਜਪਾਲ ਵਲੋਂ ਨਵੰਬਰ 1984 ਵਿਚ ਹੋਏ ਸਿੱਖ ਕਤਲੇਆਮ ਦੇ ਪੀੜੀਤਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਧੰਨਵਾਦ ਕੀਤਾ । ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਅੰਦਰ ਇਹ ਇਕ ਸਾਡੀ ਵਡੀ ਮੰਗ ਸੀ ਕਿ ਇੰਨ੍ਹਾ ਪਰਿਵਾਰਾਂ ਦਾ ਮੁੜ ਵਸੇਬਾ ਕਰਣ ਦਾ ਕਾਰਜ ਕੀਤਾ ਜਾਏ ਜੋ ਕਿ ਕਿਸੇ ਵੀ ਸਰਕਾਰ ਨੇ ਨਹੀਂ ਕੀਤਾ। ਸਭ ਕਹਿੰਦੇ ਹਨ ਕਿ ਸਰਕਾਰਾਂ ਨਾਲਈ ਟਕਰਾਵ ਰੱਖੋ ਪਰ ਦੇਖੋ ਜ਼ੇਕਰ ਸਰਕਾਰ ਨਾਲ ਚੰਗੇ ਸੰਬੰਧ ਬਣਾਏ ਜਾਣ ਤਾ ਬਹੁਤੇ ਕੰਮ ਕਰਵਾਏ ਜਾ ਸਕਦੇ ਹਨ ।

## ਵੇਟ ਲਿਫਟਿੰਗ ਵਿੱਚ ਸਟੇਟ ਦਾ ਪਹਿਲਾ ਜੇਤੂ ਬਣ ਕੇ

# ਗੋਲਡ ਮੈਡਲ ਲੈ ਕੇ ਸ੍ਰ ਫਤਿਹ ਸਿੰਘ ਦਾਬਾਂਵਾਲ ਨੇ ਪਿੰਡ ਦਾ ਨਾਮ ਕੀਤਾ ਉੱਚਾ









(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਜਿਲਾ ਗੁਰਦਾਸਪੁਰ ਦੇ ਪ੍ਰਧਾਨ ਭਾਈ ਰਜਿੰਦਰ ਸਿੰਘ ਜੀ ਰਾਜਾ ਦੇ ਹੋਣਹਾਰ ਪੁੱਤਰ ਸ੍ਰ ਫਤਿਹ ਸਿੰਘ ਵੇਟ ਲਿਫਟਿੰਗ ਵਿੱਚ ਸਟੇਟ ਦਾ ਪਹਿਲਾ ਜੇਤੂ ਬਣ ਕੇ ਗੋਲਡ ਮੈਡਲ ਲੈ ਕੇ ਗੋਬਿੰਦ ਬਾਗ ਦਾਬਾਵਾਲ ਵਿਖੇ ਪਹੁੰਚਿਆ। ਪਿੰਡ ਦੇ ਸਮੂਹ ਪਤਵੰਤਿਆਂ ਵੱਲੋਂ ਕਾਕਾ ਫਤਿਹ ਸਿੰਘ ਦਾ ਪਿੰਡ ਪਹੁੰਚਣ ਤੋਂ ਢੋਲ ਵਜਾ ਕੇ ਭਰਵਾਂ ਸਵਾਗਤ ਕੀਤਾ ਗਿਆ। ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜ ਕਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਦਾਸ ਦਾ ਛੋਟਾ ਭਰਾ ਭਾਈ ਰਜਿੰਦਰ ਸਿੰਘ ਜੀ ਰਾਜਾ ਦੇ ਪੁੱਤਰ ਕਾਕਾ ਫਤਿਹ ਸਿੰਘ ਪੰਜਾਬ ਦਾ ਪਹਿਲਾ ਜੇਤੂ ਬਣ ਕੇ ਪਿੰਡ ਦਾਬਾਂਵਾਲ ਵਿਖੇ ਪਹੁੰਚਿਆ ਹੈ। ਸਾਰੇ ਪਰਿਵਾਰ ਨੂੰ ਬਹੁਤ ਬਹੁਤ ਵਧਾਈਆਂ। ਸੰਤ ਬਾਬਾ ਜਤਿੰਦਰ ਸਿੰਘ ਜੀ ਨੇ ਦੱਸਿਆ ਕਿ ਬਹੁਤ ਖੁਸ਼ੀ ਵਾਲੀ ਗੱਲ ਹੈ ਕਿ ਕਾਕਾ ਫਤਿਹ ਸਿੰਘ ਨੇ ਇਸ ਖੇਡ ਵਿੱਚ ਵੱਧ ਚੜ ਕੇ ਦਿਲਚਸਪੀ ਦਿਖਾਈ ਹੈ ਜਿਸ ਨਾਲ ਪਿੰਡ ਦਾਬਾਵਾਲ ਦਾ ਨਾਮ ਉੱਚਾ ਕੀਤਾ ਹੈ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦੇ ਸਮੂਹ ਪਤਵੰਤੇ ਜਿਸ ਵਿੱਚ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਬਲਬੀਰ ਸਿੰਘ ਜੀ ਲੱਧਾ ਮੁੰਡਾ ਜਿਲਾ ਪ੍ਰਧਾਨ ਕਿਸਾਨ ਵਿੰਗ, ਭਾਈ ਭੁਪਿੰਦਰ ਸਿੰਘ ਜੀ ਤੂਤ ਜਰਨਲ ਸਕੱਤਰ ਤਰਨ ਤਾਰਨ, ਅਤੇ ਹੋਰ ਸਮੂਹ ਵਰਕਰ ਸਾਹਿਬਾਨਾਂ ਵੱਲੋਂ ਕਾਕਾ ਫਤਿਹ ਸਿੰਘ ਦੇ ਸਮੂਹ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਜੀ ਕਾਕਾ ਫਤਿਹ ਸਿੰਘ ਨੂੰ ਅਗਾਹਾਂ ਹੋਰ ਤਰੱਕੀ ਬਖਸ਼ੇ। ਇਸੇ ਤਰ੍ਹਾਂ ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ ਦਾਬਾਂਵਾਲ ਨੇ ਕਾਕਾ ਫਤਿਹ ਸਿੰਘ ਨੂੰ ਵਧਾਈ ਦਿੱਤੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਕਾਦਰਾਬਾਦ ਵਾਲੇ, ਸ੍ਰ ਰਜਿੰਦਰ ਸਿੰਘ ਮੰਡ ਸਰਪੰਚ ਦਾਬਾਂਵਾਲ, ਸ੍ਰ ਹਰਨੇਕ ਸਿੰਘ ਸਾਬਕਾ ਸਰਪੰਚ ਨਿੱਕਾ ਦਾਬਾਵਾਲ, ਸ੍ਰ ਰੇਸ਼ਮ ਸਿੰਘ ਮੰਨੂੰ ਫੌਜੀ, ਸ੍ਰ ਬਲਦੇਵ ਸਿੰਘ ਕੋਚ ਹਰਚੋਵਾਲ ਕਾਦੀਆਂ, ਜੁਗਰਾਜ ਸਿੰਘ, ਲਖਨ ਅਤੇ ਹੋਰ ਪਤਵੰਤੇ ਪਿੰਡ ਦਾਬਾਂਵਾਲ ਪਹੁੰਚੇ।

**ਇੰਟਰਨੈਸ਼ਨਲ ਪੰਥਕ ਦਲ ਦੀ ਸਮੂਹ ਲੀਡਰਸ਼ਿਪ ਵੱਲੋਂ ਕਾਕਾ ਫਤਿਹ ਸਿੰਘ ਨੂੰ ਦਿੱਤੀ ਗਈ ਵਧਾਈ**

# ਮਿਲਾਵਟੀ ਦੁੱਧ ਤੋਂ ਸਿਹਤ ਨੂੰ ਖ਼ਤਰਾ

ਬੱਚੇ, ਬਜ਼ੁਰਗ, ਗਰਭਵਤੀ ਔਰਤਾਂ ਅਤੇ ਬਿਮਾਰ ਲੋਕ ਹਰ ਰੋਜ਼ ਦੁੱਧ ਅਤੇ ਇਸ ਤੋਂ ਬਣੇ ਉਤਪਾਦਾਂ ਦਾ ਸੇਵਨ ਕਰਦੇ ਹਨ। ਪਰ ਦੁੱਧ ਦੀ ਮਿਲਾਵਟ ਸਿਹਤ 'ਤੇ ਲੰਬੇ ਸਮੇਂ ਤੱਕ ਪ੍ਰਭਾਵ ਪਾਉਂਦੀ ਹੈ, ਨਤੀਜੇ ਵਜੋਂ ਘਾਤਕ ਬਿਮਾਰੀਆਂ ਹੁੰਦੀਆਂ ਹਨ। ਬਾਜ਼ਾਰ ਵਿੱਚ ਉਪਲਬਧ ਜ਼ਿਆਦਾਤਰ ਦੁੱਧ ਉਤਪਾਦਾਂ ਵਿੱਚ ਪਾਣੀ, ਸਿੰਥੈਟਿਕ ਕੈਮੀਕਲ, ਯੂਰੀਆ ਅਤੇ ਹੋਰ ਹਾਨੀਕਾਰਕ ਤੱਤਾਂ ਦੀ ਮਿਲਾਵਟ ਪਾਈ ਗਈ ਹੈ। ਇਸ ਸਮੱਸਿਆ ਦਾ ਵਿਗਿਆਨਕ ਢੰਗ ਨਾਲ ਵਿਸ਼ਲੇਸ਼ਣ ਕਰਨ ਦੀ ਲੋੜ ਹੈ, ਤਾਂ ਜੋ ਸਿਹਤ 'ਤੇ ਪੈਣ ਵਾਲੇ ਗੰਭੀਰ ਨਤੀਜਿਆਂ ਤੋਂ ਬਚਿਆ ਜਾ ਸਕੇ।ਇਸ ਬਾਰੇ ਜਾਗਰੂਕ ਹੋਣਾ ਹੈ। ਇਹ ਸਮਝਣਾ ਜ਼ਰੂਰੀ ਹੈ ਕਿ ਦੁੱਧ ਵਿੱਚ ਮਿਲਾਵਟ ਕਰਨ ਲਈ ਕਿਹੜੇ ਪਦਾਰਥ ਵਰਤੇ ਜਾਂਦੇ ਹਨ ਅਤੇ ਉਹ ਸਿਹਤ ਨੂੰ ਕਿਵੇਂ ਪ੍ਰਭਾਵਿਤ ਕਰਦੇ ਹਨ। ਆਮ ਤੌਰ 'ਤੇ ਦੁੱਧ ਦੀ ਮਾਤਰਾ ਵਧਾਉਣ ਲਈ ਉਸ ਵਿਚ ਪਾਣੀ ਮਿਲਾ ਦਿੱਤਾ ਜਾਂਦਾ ਹੈ ਪਰ ਇਹ ਕੁਝ ਤਰੀਕਿਆਂ ਨਾਲ ਸਿਹਤ ਲਈ ਹਾਨੀਕਾਰਕ ਹੁੰਦਾ ਹੈ, ਅਸਲ ਖ਼ਤਰਾ ਉਦੋਂ ਪੈਦਾ ਹੁੰਦਾ ਹੈ ਜਦੋਂ ਇਸ ਵਿੱਚ ਯੂਰੀਆ, ਡਿਟਰਜੈਂਟ, ਸਿੰਥੈਟਿਕ ਦੁੱਧ, ਸਟਾਰਚ ਅਤੇ ਕੁਝ ਰਸਾਇਣ ਮਿਲਾਏ ਜਾਂਦੇ ਹਨ। ਇਹ ਰਸਾਇਣ ਦੁੱਧ ਦੇ ਕੁਦਰਤੀ ਪੌਸ਼ਟਿਕ ਤੱਤਾਂ ਨੂੰ ਨਸ਼ਟ ਕਰ ਦਿੰਦੇ ਹਨ ਅਤੇ ਸਿਹਤ ਲਈ ਹਾਨੀਕਾਰਕ ਸਾਬਤ ਹੁੰਦੇ ਹਨ। ਉਦਾਹਰਣ ਲਈਯੂਰੀਆ ਇੱਕ ਰਸਾਇਣਕ ਮਿਸ਼ਰਣ ਹੈ ਜੋ ਆਮ ਤੌਰ 'ਤੇ ਖੇਤੀਬਾੜੀ ਵਿੱਚ ਖਾਦ ਵਜੋਂ ਵਰਤਿਆ ਜਾਂਦਾ ਹੈ, ਪਰ ਜਦੋਂ ਇਸ ਨੂੰ ਦੁੱਧ ਵਿੱਚ ਮਿਲਾਇਆ ਜਾਂਦਾ ਹੈ, ਤਾਂ ਇਹ ਨਾ ਸਿਰਫ਼ ਦੁੱਧ ਦੀ ਗੁਣਵੱਤਾ ਨੂੰ ਪ੍ਰਭਾਵਤ ਕਰਦਾ ਹੈ ਬਲਕਿ ਗੁਰਦਿਆਂ, ਜਿਗਰ ਅਤੇ ਹੋਰ ਅੰਗਾਂ ਨੂੰ ਵੀ ਗੰਭੀਰ ਨੁਕਸਾਨ ਪਹੁੰਚਾ ਸਕਦਾ ਹੈ। ਦੁੱਧ ਦੇ ਕੁਝ ਪ੍ਰੋਟੀਨ ਟੈਸਟਾਂ ਵਿੱਚ ਨਾਈਟ੍ਰੋਜਨ ਦੀ ਮਾਤਰਾ ਮਾਪੀ ਜਾਂਦੀ ਹੈ। ਯੂਰੀਆ ਵਿਚ ਨਾਈਟ੍ਰੋਜਨ ਦੀ ਮਾਤਰਾ ਜ਼ਿਆਦਾ ਹੋਣ ਕਾਰਨ, ਯੂਰੀਆ ਨਾਲ ਮਿਲਾਏ ਗਏ ਦੁੱਧ ਵਿਚ ਪ੍ਰੋਟੀਨ ਦੀ ਮਾਤਰਾ ਨਕਲੀ ਤੌਰ 'ਤੇ ਟੈਸਟਾਂ ਵਿਚ ਜ਼ਿਆਦਾ ਦਿਖਾਈ ਦਿੰਦੀ ਹੈ। ਇਹ ਮਿਲਾਵਟ ਨਾ ਸਿਰਫ਼ ਖਪਤਕਾਰਾਂ ਨੂੰ ਭੰਬਲਭੂਸੇ ਵਿੱਚ ਪਾਉਂਦੀ ਹੈਇਹ ਸਿਹਤ ਲਈ ਵੀ ਬਹੁਤ ਖਤਰਨਾਕ ਹੋ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ (ਡਬਲਯੂ.ਐਚ.ਓ.) ਦੀ ਰਿਪੋਰਟ ਦੇ ਅਨੁਸਾਰ, ਹਰ ਸਾਲ ਲਗਭਗ 60 ਕਰੋੜ ਲੋਕ ਭੋਜਨ ਵਿੱਚ ਮਿਲਾਵਟ ਕਾਰਨ ਬਿਮਾਰ ਹੋ ਜਾਂਦੇ ਹਨ, ਜਿਸ ਵਿੱਚ ਸ਼ਾਮਲ ਹਨ। ਕਈ ਮਾਮਲਿਆਂ ਵਿੱਚ ਮਿਲਾਵਟੀ ਦੁੱਧ ਦਾ ਸੇਵਨ ਸ਼ਾਮਲ ਹੁੰਦਾ ਹੈ। ਇਸੇ ਤਰ੍ਹਾਂ, ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ਼ ਇੰਡੀਆ (ਐਫਐਸਐਸਏਆਈ) ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ 2018 ਵਿੱਚ ਕੀਤੇ ਗਏ ਇੱਕ ਅਧਿਐਨ ਵਿੱਚ, 68 ਪ੍ਰਤੀਸ਼ਤ ਦੁੱਧ ਦੇ ਨਮੂਨੇ ਮਿਆਰੀ ਗੁਣਵੱਤਾ ਦੇ ਅਨੁਸਾਰ ਨਹੀਂ ਸਨ, ਅਥਾਰਟੀ ਨੇ ਚੇਤਾਵਨੀ ਦਿੱਤੀ ਸੀ ਕਿ ਮਿਲਾਵਟੀ ਦੁੱਧ ਦਾ ਸੇਵਨ ਕਰਨ ਵਾਲੇ ਜੋਖਮ ਵਿੱਚ ਹੋਣਗੇ ਲੋਕਾਂ ਵਿੱਚ ਕੈਂਸਰ ਦੇ ਮਾਮਲਿਆਂ ਵਿੱਚ 30 ਪ੍ਰਤੀਸ਼ਤ ਵਾਧਾ ਹੋ ਸਕਦਾ ਹੈਹੈ। ਇਹ ਸਥਿਤੀ ਵਿਸ਼ੇਸ਼ ਤੌਰ 'ਤੇ ਗੰਭੀਰ ਹੋ ਜਾਂਦੀ ਹੈ ਜਦੋਂ ਮਿਲਾਵਟ ਵਿੱਚ ਫਾਰਮਾਲਡੀਹਾਈਡ ਅਤੇ ਯੂਰੀਆ ਵਰਗੇ ਰਸਾਇਣ ਹੁੰਦੇ ਹਨ, ਜੋ ਕੈਂਸਰ ਦਾ ਕਾਰਨ ਬਣਦੇ ਹਨ ਅਤੇ ਜੀਨ ਤਬਦੀਲੀਆਂ ਦਾ ਕਾਰਨ ਬਣ ਸਕਦੇ ਹਨ। , ਫਾਰਮੈਲਡੀਹਾਈਡ ਸਰੀਰ ਦੇ ਸੈੱਲਾਂ ਵਿੱਚ ਜੀਨਾਂ ਨੂੰ ਬਦਲ ਕੇ ਕੈਂਸਰ ਦੇ ਜੋਖਮ ਨੂੰ ਵਧਾਉਂਦਾ ਹੈ, ਜਦੋਂ ਕਿ ਯੂਰੀਆ ਨਾਲ ਮਿਲਾਵਟ ਨਕਲੀ ਤੌਰ 'ਤੇ ਦੁੱਧ ਦੀ ਗੁਣਵੱਤਾ ਨੂੰ ਵਧਾਉਂਦੀ ਹੈ। ਇਨ੍ਹਾਂ ਰਸਾਇਣਾਂ ਦੇ ਸੇਵਨ ਨਾਲ ਨਾ ਸਿਰਫ਼ ਕੈਂਸਰ ਦਾ ਖ਼ਤਰਾ ਰਹਿੰਦਾ ਹੈ, ਸਗੋਂ ਕਿਡਨੀ ਅਤੇ ਲੀਵਰ ਫੇਲ ਹੋਣ ਵਰਗੀਆਂ ਗੰਭੀਰ ਬਿਮਾਰੀਆਂ ਵੀ ਹੋ ਸਕਦੀਆਂ ਹਨ। ਇਹ ਖੋਜ ਤੋਂ ਵੀ ਸਪੱਸ਼ਟ ਹੈਕਿਹਾ ਜਾਂਦਾ ਹੈ ਕਿ ਮਿਲਾਵਟ ਕਾਰਨ ਗੁਰਦੇ ਫੇਲ੍ਹ ਹੋਣ ਦੇ ਕੇਸ ਚਾਲੀ ਫੀਸਦੀ ਅਤੇ ਦਿਲ ਦੇ ਰੋਗਾਂ ਦੇ ਕੇਸ ਪੱਚੀ ਫੀਸਦੀ ਤੱਕ ਵਧ ਸਕਦੇ ਹਨ। 'ਕੈਂਸਰ ਰਿਸਕ ਅਸੈਸਮੈਂਟ' ਰਿਪੋਰਟ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਰਸਾਇਣਕ ਮਿਲਾਵਟ ਤੋਂ ਪ੍ਰਭਾਵਿਤ ਲੋਕਾਂ ਵਿੱਚ ਛਾਤੀ ਅਤੇ ਗਦੂਦਾਂ ਦੇ ਕੈਂਸਰ ਦੇ ਮਾਮਲੇ ਵੱਧ ਰਹੇ ਹਨ। ਅਜਿਹੀ ਸਥਿਤੀ ਵਿੱਚ, ਭਰੋਸੇਮੰਦ ਟੈਸਟਿੰਗ ਪ੍ਰਣਾਲੀਆਂ ਦਾ ਵਿਕਾਸ ਅਤੇ ਲਾਗੂ ਕਰਨਾ ਬਹੁਤ ਮਹੱਤਵਪੂਰਨ ਹੋ ਜਾਂਦਾ ਹੈ। ਵਰਤਮਾਨ ਵਿੱਚ ਭਾਰਤ ਵਿੱਚ ਦੁੱਧ ਦੀ ਸ਼ੁੱਧਤਾ ਨੂੰ ਪਰਖਣ ਲਈ ਬਹੁਤ ਸਾਰੇ ਤਰੀਕੇ ਵਰਤੇ ਜਾਂਦੇ ਹਨ, ਪਰ ਇਹਨਾਂ ਵਿੱਚੋਂ ਬਹੁਤ ਸਾਰੇ ਟੈਸਟ ਤਕਨੀਕੀ ਸਾਧਨਾਂ 'ਤੇ ਅਧਾਰਤ ਹਨ ਇਏ ਪੁਰਾਣੇ ਅਤੇ ਬੇਅਸਰ ਸਾਬਤ ਹੋ ਰਹੇ ਹਨ। ਸਾਨੂੰ ਅਤਿ-ਆਧੁਨਿਕ ਤਕਨੀਕਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਜੋ ਦੁੱਧ ਵਿੱਚ ਮਿਲਾਵਟ ਦਾ ਜਲਦੀ ਅਤੇ ਸਹੀ ਢੰਗ ਨਾਲ ਪਤਾ ਲਗਾਉਣ ਵਿੱਚ ਸਮਰੱਥ ਹਨ, ਤਾਂ ਜੋ ਮਿਲਾਵਟ ਦੀ ਸਮੱਸਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਕੀਤਾ ਜਾ ਸਕੇ। ਉਦਾਹਰਨ ਲਈ, ਇੱਕ ਬਹੁਤ ਹੀ ਸੰਵੇਦਨਸ਼ੀਲ ਤਕਨੀਕ ਹੈ ਜੋ ਦੁੱਧ ਯੂਰੀਆ, ਡਿਟਰਜੈਂਟ ਅਤੇ ਸਿੰਥੈਟਿਕ ਪਦਾਰਥਾਂ ਦੀ ਪਛਾਣ ਕਰਨ ਲਈ ਵਰਤੀ ਜਾਂਦੀ ਹੈ। ਇਸ ਤਕਨੀਕ ਦੀ ਵਰਤੋਂ ਕਰਕੇ ਮਿਲਾਵਟ ਦਾ ਪਤਾ ਲਗਾਇਆ ਜਾ ਸਕਦਾ ਹੈ। 'ਜਰਨਲ ਆਫ ਡੇਅਰੀ ਸਾਇੰਸ' ਵਿੱਚ ਪ੍ਰਕਾਸ਼ਿਤ ਖੋਜ ਅਨੁਸਾਰ ਐਚਪੀਐਲਸੀ ਤਕਨੀਕ ਦੀ ਵਰਤੋਂ ਕਰਕੇ ਦੁੱਧ ਵਿੱਚ ਮਿਲਾਵਟ ਦਾ ਪਤਾ ਲਗਾਇਆ ਗਿਆ।ਪਛਾਣ ਦੀ ਸ਼ੁੱਧਤਾ ਨੱਬੇ-ਸੱਤ ਪ੍ਰਤੀਸ਼ਤ ਤੱਕ ਸੀ। ਗੈਸ ਕ੍ਰੋਮੈਟੋਗ੍ਰਾਫੀ (73) ਵੀ ਇੱਕ ਪ੍ਰਭਾਵਸ਼ਾਲੀ ਤਕਨੀਕ ਹੈ ਜੋ ਦੁੱਧ ਵਿੱਚ ਅਸਥਿਰ ਜੈਵਿਕ ਮਿਸ਼ਰਣਾਂ ਅਤੇ ਹੋਰ ਰਸਾਇਣਾਂ ਦੀ ਪਛਾਣ ਕਰਨ ਲਈ ਵਰਤੀ ਜਾਂਦੀ ਹੈ। ਦੁੱਧ ਵਿੱਚ ਮਿਲਾਵਟੀ ਤੱਤਾਂ ਦੀ ਪਛਾਣ ਕਰਨ ਲਈ ਇਹ ਤਰੀਕਾ ਬਹੁਤ ਹੀ ਸਹੀ ਮੰਨਿਆ ਜਾਂਦਾ ਹੈ। ਇਨ੍ਹਾਂ ਤਕਨੀਕਾਂ ਦੀ ਵਰਤੋਂ ਨਾਲ ਨਾ ਸਿਰਫ਼ ਦੁੱਧ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਵਿੱਚ ਮਦਦ ਮਿਲੇਗੀ, ਸਗੋਂ ਮਿਲਾਵਟ ਦੇ ਮਾਮਲੇ ਵੀ ਘੱਟ ਹੋਣਗੇ। ਇਸ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ, ਤਾਂ ਜੋ ਦੁੱਧ ਦੀ ਸ਼ੁੱਧਤਾ ਬਰਕਰਾਰ ਰਹੇ ਅਤੇ ਲੋਕਾਂ ਦੀ ਸਿਹਤ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।ਮਿਲ ਸਕੇ। ਇਸ ਸੰਕਟ ਨਾਲ ਨਜਿੱਠਣ ਲਈ ਸਖ਼ਤ ਭੋਜਨ ਕਾਨੂੰਨਾਂ ਅਤੇ ਦੰਡ ਦੇ ਪ੍ਰਬੰਧਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਇਨ੍ਹਾਂ ਦੀ ਜਾਂਚ ਅਤੇ ਅਮਲ ਕੀਤਾ ਜਾਣਾ ਚਾਹੀਦਾ ਹੈ। ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ ਇੰਡੀਆ ਨੇ ਸਖਤ ਸੁਰੱਖਿਆ ਨਿਯਮ ਬਣਾਏ ਹਨ, ਪਰ ਉਨ੍ਹਾਂ ਦੀ ਪ੍ਰਭਾਵੀ ਪਾਲਣਾ ਅਤੇ ਨਿਯਮਾਂ ਨੂੰ ਸਹੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਉਣਾ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ। ਬਾਜ਼ਾਰ ਵਿੱਚ ਵਿਕਣ ਵਾਲੇ ਜ਼ਿਆਦਾਤਰ ਦੁੱਧ ਪਦਾਰਥਾਂ ਵਿੱਚ ਮਿਲਾਵਟਖੋਰੀ ਹੋਣ ਦੇ ਬਾਵਜੂਦ ਕਈ ਵਾਰ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਨਹੀਂ ਕੀਤੀ ਜਾਂਦੀ। ਇਸ ਨਾਲ ਅਪਰਾਧੀਆਂ ਦਾ ਮਨੋਬਲ ਵਧਦਾ ਹੈ ਅਤੇ ਮਿਲਾਵਟਖੋਰੀ ਦਾ ਧੰਦਾ ਬਿਨਾਂ ਰੋਕ-ਟੋਕ ਜਾਰੀ ਰਹਿੰਦਾ ਹੈ। ਇਸ ਲਈਲੋੜ ਹੈ ਕਿ ਅਜਿਹੇ ਦੁੱਧ ਉਤਪਾਦਕਾਂ, ਵਿਤਰਕਾਂ ਅਤੇ ਵਿਕਰੇਤਾਵਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਭੋਜਨ ਵਿੱਚ ਮਿਲਾਵਟ ਨੂੰ ਇੱਕ ਗੰਭੀਰ ਅਪਰਾਧ ਮੰਨਿਆ ਜਾਣਾ ਚਾਹੀਦਾ ਹੈ ਅਤੇ ਦੋਸ਼ੀਆਂ ਨੂੰ ਭਾਰੀ ਜੁਰਮਾਨੇ ਅਤੇ ਸਖ਼ਤ ਕੈਦ ਦੀ ਵਿਵਸਥਾ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਅਜਿਹੇ ਅਪਰਾਧ ਨੂੰ ਰੋਕਿਆ ਜਾ ਸਕੇ। ਇਸ ਤੋਂ ਇਲਾਵਾ ਜਨ ਜਾਗਰੂਕਤਾ ਮੁਹਿੰਮ ਚਲਾਉਣ ਦੀ ਵੀ ਲੋੜ ਹੈ ਤਾਂ ਜੋ ਖਪਤਕਾਰ ਖੁਦ ਖਰੀਦੇ ਦੁੱਧ ਦੀ ਜਾਂਚ ਕਰ ਸਕਣ ਅਤੇ ਮਿਲਾਵਟਖੋਰੀ ਤੋਂ ਸੁਚੇਤ ਹੋ ਸਕਣ। ਦੁੱਧ ਉਤਪਾਦਾਂ ਵਿੱਚ ਤਕਨੀਕੀ ਨਵੀਨਤਾਵਾਂ ਦੁਆਰਾ, ਖਪਤਕਾਰਾਂ ਦੀ ਜਾਗਰੂਕਤਾ ਅਤੇ ਸੁਚੇਤਤਾ ਵਧੇਗੀ, ਜਿਸ ਨਾਲ ਉਹਨਾਂ ਨੂੰ ਉਹਨਾਂ ਦੀਆਂ ਖਰੀਦਾਂ ਬਾਰੇ ਬਿਹਤਰ ਜਾਣਕਾਰੀ ਮਿਲੇਗੀ।ਫੈਸਲੇ ਲਓ ਅਤੇ ਸ਼ੁੱਧ ਅਤੇ ਸੁਰੱਖਿਅਤ ਦੁੱਧ ਉਤਪਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਓ। ਇਹ ਸੰਭਵ ਹੋਵੇਗਾ। ਉਤਪਾਦਕਾਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਥੋੜ੍ਹੇ ਸਮੇਂ ਦੇ ਮੁਨਾਫ਼ੇ ਲਈ ਮਿਲਾਵਟਖੋਰੀ ਸਮਾਜ ਦੀ ਸਿਹਤ ਨਾਲ ਖਿਲਵਾੜ ਕਰ ਰਹੀ ਹੈ। ਇੱਕ ਖੋਜ ਇਹ ਵੀ ਸਾਬਤ ਕਰਦੀ ਹੈ ਕਿ ਜਦੋਂ ਮਿਲਾਵਟੀ ਵੇਚਣ ਵਾਲਿਆਂ ਦੀ ਪਛਾਣ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਦੇ ਉਤਪਾਦਾਂ ਦੀ ਵਿਕਰੀ ਵਿੱਚ ਲਗਭਗ ਚਾਲੀ ਫੀਸਦੀ ਦੀ ਗਿਰਾਵਟ ਆਉਂਦੀ ਹੈ। ਇਸ ਲਈ ਖਪਤਕਾਰਾਂ ਨੂੰ ਵੀ ਸ਼ੁੱਧਤਾ ਯਕੀਨੀ ਬਣਾਉਣ ਲਈ ਸਥਾਨਕ ਸਰੋਤਾਂ ਤੋਂ ਦੁੱਧ ਖਰੀਦਣ ਨੂੰ ਤਰਜੀਹ ਦੇਣੀ ਚਾਹੀਦੀ ਹੈ। ਭਰੋਸੇਮੰਦ ਸਰੋਤਾਂ ਤੋਂ ਦੁੱਧ ਜੋ ਕੈਂਸਰ ਦਾ ਕਾਰਨ ਬਣਦਾ ਹੈਮਿਲਾਵਟ ਸਾਡੇ ਦੇਸ਼ ਦੀ ਸਿਹਤ ਪ੍ਰਣਾਲੀ 'ਤੇ ਗੰਭੀਰ ਪ੍ਰਭਾਵ ਪਾ ਰਹੀ ਹੈ, ਜਿਸ ਨਾਲ ਕੈਂਸਰ, ਦਿਲ, ਗੁਰਦੇ ਅਤੇ ਜਿਗਰ ਦੀਆਂ ਬਿਮਾਰੀਆਂ ਦਾ ਖਤਰਾ ਵੱਧ ਰਿਹਾ ਹੈ। ਮਿਲਾਵਟਖੋਰੀ 'ਤੇ ਕਾਬੂ ਪਾਉਣਾ ਇਕੱਲੀ ਸਰਕਾਰ ਦਾ ਕੰਮ ਨਹੀਂ ਹੈ, ਸਗੋਂ ਦੁੱਧ ਉਤਪਾਦਕਾਂ, ਵਪਾਰੀਆਂ ਅਤੇ ਖਪਤਕਾਰਾਂ ਨੂੰ ਵੀ ਆਪਣੀ ਨੈਤਿਕ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਮਿਲਾਵਟਖੋਰੀ ਵਿਰੁੱਧ ਸਾਂਝੇ ਯਤਨਾਂ ਦੀ ਲੋੜ ਹੈ, ਜਿਸ ਵਿੱਚ ਸਰਕਾਰ, ਦੁੱਧ ਉਦਯੋਗ ਅਤੇ ਖਪਤਕਾਰਾਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਇਸ ਦੇ ਲਈ ਸਖ਼ਤ ਕਾਨੂੰਨ, ਬਿਹਤਰ ਜਾਂਚ ਪ੍ਰਣਾਲੀ ਅਤੇ ਨੈਤਿਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ, ਤਾਂ ਜੋ ਭਵਿੱਖ ਵਿੱਚ ਇਸ ਦੇ ਗੰਭੀਰ ਸਿੱਟਿਆਂ ਤੋਂ ਬਚਿਆ ਜਾ ਸਕੇ।ਤੋਂ ਬਚਿਆ ਜਾ ਸਕਦਾ ਹੈ।



**-ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਸਟਰੀਟ ਕੌਰ ਚੰਦ ਐਮ.ਐਚ.ਆਰ ਮਲੋਟ ਪੰਜਾਬ।**